SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 22* Issue 50** | **Monday, March 13, 2023** | **Tel: 905-793-2202 | Fax: 905-793-2282 | news@punjabipost.ca** | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਭਰੀ ਹੋਈ ਗੰਨ, ਨਸ਼ੀਲੇ ਪਦਾਰਥ ਤੇ ਚੋਰੀ ਦੀ ਪ੍ਰਾਪਰਟੀ ਰੱਖਣ ਵਾਲੇ ਦੋ ਵਿਅਕਤੀਆਂ ਨੂੰ ਕੀਤਾ ਗਿਆ ਗ੍ਰਿਫਤਾਰ

ਮਿਸੀਸਾਗਾ, 12 ਮਾਰਚ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਇੱਕ ਗੱਡੀ ਦੀ ਲਈ ਗਈ ਤਲਾਸ਼ੀ ਦੌਰਾਨ ਪੁਲਿਸ ਨੂੰ ਭਰੀ ਹੋਈ ਗੰਨ, ਵੱਡੀ ਮਾਤਰਾ ਵਿੱਚ ਗੈਰਕਾਨੂੰਨੀ ਨਸ਼ੀਲੇ ਪਦਾਰਥ ਤੇ ਚੋਰੀ ਦੀ ਪ੍ਰਾਪਰਟੀ ਮਿਲਣ ਤੋਂ ਬਾਅਦ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।



ਸ਼ੁੱਕਰਵਾਰ ਨੂੰ ਐਂਟਰਪ੍ਰਾਈਸ ਰੋਡ ਤੇ ਐਟਲਾਂਟਿਕ ਡਰਾਈਵ ਨੇੜੇ ਲਾਵਾਰਸ ਖੜ੍ਹੀ ਇੱਕ ਗੱਡੀ ਦੀ ਰਾਤੀਂ 1:30 ਵਜੇ ਪੁਲਿਸ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਗਈ। ਇੱਕ ਨਿਊਜ਼ ਰਲੀਜ਼ ਵਿੱਚ ਪੀਲ ਪੁਲਿਸ ਨੇ ਦੱਸਿਆ ਕਿ ਇਸ ਜਾਂਚ ਦੇ ਨਤੀਜੇ ਵਜੋਂ ਪੁਲਿਸ ਨੇ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਵੀ ਕੀਤਾ। ਇੱਕ ਵਿਅਕਤੀ ਕੋਲੋਂ ਪੁਲਿਸ ਨੂੰ ਗਲੌਕ 40 ਕੈਲੇਬਰ 27 ਗੰਨ 5 ਬਰਾਮਦ ਹੋਇਆ।

ਪੁਲਿਸ ਨੇ ਦੱਸਿਆ ਕਿ ਵੈਲੈਂਡ ਦੇ 23 ਸਾਲਾ ਅਬਦੁੱਲਾ ਸਰਵਾਰੀ ਨੂੰ 10 ਮਾਮਲਿਆਂ ਵਿੱਚ ਚਾਰਜ ਕੀਤਾ ਗਿਆ ਹੈ। ਇਨ੍ਹਾਂ ਵਿੱਚ ਚੋਰੀ ਦੀ ਪ੍ਰਾਪਰਟੀ ਰੱਖਣ, ਗੈਰਕਾਨੂੰਨੀ ਤੌਰ ਉੱਤੇ ਹਥਿਆਰ ਰੱਖਣ ਤੇ ਪਾਬੰਦੀਸ਼ੁਦਾ ਨਸ਼ੀਲੇ ਪਦਾਰਥ ਰੱਖਣ ਵਰਗੇ ਚਾਰਜਿਜ਼ ਸ਼ਾਮਲ ਹਨ। ਇਸ ਦੌਰਾਨ ਟੋਰਾਂਟੋ ਦੇ 28 ਸਾਲਾ ਮੁਹੰਮਦ ਘਾਊਸੀ ਨੂੰ ਵੀ ਪਾਬੰਦੀਸ਼ੁਦਾ ਨਸ਼ੀਲੇ ਪਦਾਰਥ ਰੱਖਣ ਲਈ ਗ੍ਰਿਫਤਾਰ ਕੀਤਾ ਗਿਆ ਹੈ।

## ਖਰਚਿਆਂ ਉੱਤੇ ਰੋਕ ਲਾਵੇ ਤੇ ਟੈਕਸਾਂ ਵਿੱਚ ਕਟੌਤੀ ਕਰੇ ਲਿਬਰਲ ਸਰਕਾਰ : ਪੌਲੀਏਵਰ

ਓਟਵਾ, 12 ਮਾਰਚ (ਪੋਸਟ ਬਿਊਰੋ) : ਇਸ ਸਮੇਂ ਅਰਥਚਾਰੇ ਦੀ ਮਾੜੀ ਹੋ ਚੁੱਕੀ ਹਾਲਤ ਦਾ ਭਾਂਡਾ ਲਿਬਰਲਾਂ ਸਿਰ ਭੰਨ੍ਹਦਿਆਂ ਐਤਵਾਰ ਨੂੰ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਆਖਿਆ ਕਿ ਆਉਣ ਵਾਲੇ ਫੈਡਰਲ ਬਜਟ ਵਿੱਚ ਟੈਕਸਾਂ ਵਿੱਚ ਕਟੌਤੀ ਕੀਤੀ ਜਾਣੀ ਚਾਹੀਦੀ ਹੈ, ਖਰਚਿਆਂ ਉੱਤੇ ਰੋਕ ਲੱਗਣੀ ਚਾਹੀਦੀ ਹੈ ਤੇ ਨਵੇਂ ਘਰ ਬਣਾਉਣਾ ਸੱਭ ਦੀ ਪਹੁੰਚ ਵਿੱਚ ਹੋਣਾ ਚਾਹੀਦਾ ਹੈ।

28 ਮਾਰਚ ਨੂੰ ਪਾਰਲੀਆਮੈਂਟ ਵਿੱਚ ਪੇਸ਼ ਕੀਤੇ ਜਾਣ ਵਾਲੇ ਬਜਟ ਤੋਂ ਪਹਿਲਾਂ ਪੌਲੀਏਵਰ ਨੇ ਬਜਟ ਸਬੰਧੀ ਆਪਣੀ ਪਾਰਟੀ ਦੀਆਂ ਤਰਜੀਹਾਂ ਬਾਰੇ ਜਾਣਕਾਰੀ ਦਿੱਤੀ। ਟੋਰੀ ਆਗੂ ਨੇ ਦੋਸ਼ ਲਾਇਆ ਕਿ ਮਹਿੰਗਾਈ ਪ੍ਰਧਾਨ ਮੰਤਰੀ



ਜਸਟਿਨ ਟਰੂਡੋ ਕਾਰਨ ਹੀ ਵਧੀ ਹੈ ਤੇ ਉਨ੍ਹਾਂ ਕਰਕੇ ਹੀ ਕੈਨੇਡੀਅਨ ਅੱਜ ਆਪਣੀਆਂ ਰੋਜ਼ਮਰਾ ਦੀਆਂ ਲੋੜਾਂ ਪੂਰੀਆਂ ਕਰਨ ਤੇ ਆਪਣੇ ਪਰਿਵਾਰਾਂ ਲਈ ਘਰ ਬਣਾਉਣ ਤੋਂ ਅਸਮਰੱਥ ਹਨ।

ਮਹਿੰਗਾਈ ਨੂੰ ਠੱਲ੍ਹ ਪਾਉਣ ਲਈ ਬੈਂਕ ਆਫ ਕੈਨੇਡਾ ਵੱਲੋਂ ਵਧਾਈਆਂ ਗਈਆਂ ਵਿਆਜ਼ ਦਰਾਂ ਸਦਕਾ ਅਰਥਚਾਰੇ ਦੀ ਰਫਤਾਰ ਮੱਠੀ ਪੈਣ ਤੇ ਗਲੋਬਲ ਰੁਝਾਣ ਕਾਰਨ ਮੰਦਵਾੜੇ ਦਾ ਖਤਰਾ ਪੈਦਾ ਹੋਣ ਕਾਰਨ ਪੌਲੀਏਵਰ ਵੱਲੋਂ ਇਹ ਨੁਕਤਾਚੀਨੀ ਕੀਤੀ ਗਈ। ਇਸ ਦੌਰਾਨ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਆਖਿਆ ਕਿ ਸਰਕਾਰ ਮਹਿੰਗਾਈ ਨੂੰ ਠੱਲ੍ਹ ਪਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੀ ਹੈ। ਇਸ ਦੇ ਮੱਦੇਨਜ਼ਰ ਬਜਟ ਵਿੱਚ ਗ੍ਰੀਨ ਅਰਥਚਾਰੇ ਤੇ ਕਲੀਨ ਤਕਨਾਲੋਜੀ ਦੇ ਮਾਮਲੇ ਵਿੱਚ ਅਮਰੀਕਾ ਨਾਲ ਮੁਕਾ-ਬਲਾ ਕਰਨ ਲਈ ਵੀ ਵਿਸ਼ੇਸ਼ ਰਣਨੀਤੀ ਉਲੀਕੀ ਗਈ ਹੈ।

ਉਨ੍ਹਾਂ ਦੱਸਿਆ ਕਿ ਹੈਲਥ ਕੇਅਰ ਵਿੱਚ ਸੁਧਾਰ ਲਈ ਹੋਰ ਖਰਚੇ ਵਾਸਤੇ ਕਈ ਬਿਲੀਅਨ ਡਾਲਰ ਰਾਖਵੇਂ ਰੱਖੇ ਗਏ ਹਨ ਤੇ ਇਹ ਪ੍ਰੋਵਿੰਸਾਂ ਨਾਲ ਹੋਣ ਵਾਲੀਆਂ ਦੁਵੱਲੀਆਂ ਡੀਲਜ਼ ਰਾਹੀਂ ਕੀਤੇ ਜਾਣਗੇ।

## ਸਕੂਲਾਂ ਨੂੰ ਆਨਲਾਈਨ ਧਮਕੀਆਂ ਦੇਣ ਵਾਲੇ ਦੋ ਟੀਨੇਜਰਜ਼ ਨੂੰ ਕੀਤਾ ਗਿਆ ਚਾਰਜ

ਬਰੈਂਪਟਨ, 12 ਮਾਰਚ (ਪੋਸਟ ਬਿਊਰੋ) : ਮਿਸੀਸਾਗਾ ਤੇ ਬਰੈਂਪਟਨ ਦੇ ਹਾਈ ਸਕੂਲਾਂ ਖਿਲਾਫ ਆਨਲਾਈਨ ਧਮਕੀਆਂ ਦੇਣ ਦੇ ਵੱਖ ਵੱਖ ਮਾਮਲਿਆਂ ਲਈ ਦੋ ਟੀਨੇਜਰਜ਼ ਨੂੰ ਚਾਰਜ ਕੀਤਾ ਗਿਆ ਹੈ।

ਆਨਲਾਈਨ ਮਿਲ ਰਹੀਆਂ ਧਮਕੀਆਂ ਦੀ ਜਾਂਚ ਲਈ ਪੀਲ ਰੀਜਨਲ ਪੁਲਿਸ ਅਧਿਕਾਰੀਆਂ ਨੂੰ ਵੀਰਵਾਰ ਸਵੇਰੇ 8:45 ਉੱਤੇ ਮਿਸੀਸਾਗਾ ਵਿੱਚ ਲਿੰਕਨ ਅਲੈਗਜ਼ੈਂਡਰ ਸੈਕੰਡਰੀ ਸਕੂਲ ਵਿੱਚ ਸੱਦਿਆ ਗਿਆ। ਜਾਂਚਕਾਰਾਂ ਨੇ ਇੱਕ ਮਸ਼ਕੂਕ ਦੀ ਪਛਾਣ ਕਰ ਲਈ ਤੇ ਮਿਸੀਸਾਗਾ ਦੀ ਇੱਕ 16 ਸਾਲਾ ਲੜਕੀ ਨੂੰ ਧਮਕੀਆਂ ਦੇਣ ਦੇ ਮਾਮਲੇ ਵਿੱਚ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ। ਇਸ ਤੋਂ ਇੱਕ ਘੰਟੇ ਬਾਅਦ ਹੀ ਪੁਲਿਸ ਨੂੰ ਆਨਲਾਈਨ ਮਿਲੀ ਇੱਕ ਵੱਖਰੀ ਧਮਕੀ ਦੇ ਮਾਮਲੇ ਦੀ ਜਾਂਚ



ਲਈ ਬਰੈਂਪਟਨ ਵਿੱਚ ਚਿੰਗੁਆਕਸੇ ਸੈਕੰਡਰੀ ਸਕੂਲ ਸੱਦਿਆ ਗਿਆ। ਇਸ ਮਾਮਲੇ ਦੇ ਸਬੰਧ ਵਿੱਚ ਇੱਕ 14 ਸਾਲਾ ਲੜਕੇ ਨੂੰ ਗ੍ਰਿਫਤਾਰ ਤੇ ਚਾਰਜ ਕੀਤਾ ਗਿਆ।

ਇਨ੍ਹਾਂ ਮਾਮਲਿਆਂ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਨੌਜਵਾਨਾਂ ਨੂੰ ਸ਼ਰਤਾਂ ਦੇ ਆਧਾਰ ਉੱਤੇ ਰਿਹਾਅ ਕਰ ਦਿੱਤਾ ਗਿਆ ਤੇ ਉਨ੍ਹਾਂ ਨੂੰ ਬਾਅਦ ਵਿੱਚ ਬਰੈਂਪਟਨ ਦੀ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਜੋੜੇ ਦੀ ਯੂਥ ਕ੍ਰਿਮੀਨਲ ਜਸਟਿਸ ਐਕਟ ਕਾਰਨ ਪਛਾਣ ਜ਼ਾਹਿਰ ਨਹੀਂ ਕੀਤੀ ਗਈ।

## ਡਰੱਗ ਡੀਲਰ ਦੇ ਅਪਾਰਟਮੈਂਟ ਵਿੱਚੋਂ ਟੋਰਾਂਟੋ ਪੁਲਿਸ ਨੇ ਆਪ ਹੀ ਚੋਰੀ ਕੀਤੇ 6000 ਡਾਲਰ

ਟੋਰਾਂਟੋ, 12 ਮਾਰਚ (ਪੋਸਟ ਬਿਊਰੋ) : ਇੱਕ ਕੋਕੀਨ ਡੀਲਰ ਦੇ ਮਾਮਲੇ ਵਿੱਚ ਉਸ ਸਮੇਂ ਨਵਾਂ ਮੋੜ ਆ ਗਿਆ ਜਦੋਂ ਜੱਜ ਨੇ ਇਹ ਪਾਇਆ ਕਿ ਟੋਰਾਂਟੋ ਪੁਲਿਸ ਵੱਲੋਂ ਇਸ ਡੀਲਰ ਦੇ ਵੈਸਟਨ ਰੋਡ ਸਥਿਤ ਅਪਾਰਟਮੈਂਟ ਵਿੱਚੋਂ ਬਰਾਮਦ ਕੀਤੀ ਨਕਦੀ ਵਿੱਚੋਂ 6,000 ਡਾਲਰ ਟੋਰਾਂਟੋ ਪੁਲਿਸ ਵੱਲੋਂ ਹੀ ਚੋਰੀ ਕਰ ਲਿਆ ਗਿਆ ਹੈ।

ਬੁੱਧਵਾਰ ਨੂੰ ਜਾਰੀ ਕੀਤੀ ਗਈ ਰਲੀਜ਼ ਵਿੱਚ ਜੱਜ ਐਂਡਰਸ ਸ਼ਰੈਕ ਨੇ ਆਖਿਆ ਕਿ ਉਹ ਇਸ ਗੱਲ ਨੂੰ ਲੈ ਕੇ



ਹੈਰਾਨ ਹਨ ਕਿ ਜਾਂਚ ਕਰ ਰਹੇ ਇੱਕ ਜਾਂ ਵਧੇਰੇ ਪੁਲਿਸ ਅਧਿਕਾਰੀਆਂ ਵੱਲੋਂ ਹੀ ਪੈਸਾ ਚੋਰੀ ਕਰ ਲਿਆ ਗਿਆ। ਇਸ ਦੌਰਾਨ ਬੁੱਧਵਾਰ ਨੂੰ ਡਿਫੈਂਸ ਲਾਇਰ ਕਿੰਮ ਸ਼ੋਅਫੀਲਡ ਨੇ ਆਖਿਆ ਕਿ ਇਸ ਮਾਮਲੇ ਵਿੱਚ ਸਿਰਫ ਨਿਆਂ ਪ੍ਰਬੰਧ ਨੇ ਹੀ ਉਸ ਤਰ੍ਹਾਂ ਕੰਮ ਕੀਤਾ ਹੈ ਜਿਸ ਤਰ੍ਹਾਂ ਉਸ ਨੂੰ ਕਰਨਾ ਚਾਹੀਦਾ ਸੀ ਕਿਉਂਕਿ ਬਾਕੀ ਕੁੱਝ ਤਾਂ ਕੰਮ ਨਹੀਂ ਕਰ ਸਕਿਆ।

ਜ਼ਿਕਰਯੋਗ ਹੈ ਕਿ ਟੋਰਾਂਟੋ ਪੁਲਿਸ ਦੇ ਅਧਿਕਾਰੀਆਂ ਵੱਲੋਂ 6 ਫਰਵਰੀ, 2019 ਨੂੰ ਐਂਡਰੀਊ ਰੋਚਾ ਦੇ ਅਪਾਰਟਮੈਂਟ ਵਿੱਚ ਛਾਪਾ ਮਾਰਿਆ ਗਿਆ। ਇੱਥੋਂ ਉਨ੍ਹਾਂ ਨੂੰ 19,390 ਡਾਲਰ ਦੀ ਨਕਦੀ ਤੇ ਅੱਧਾ ਕਿੱਲੋਂ ਕੋਕੀਨ ਬਰਾਮਦ ਹੋਈ। ਬਾਅਦ ਵਿੱਚ ਰੋਚਾ ਨੇ ਆਖਿਆ ਕਿ ਉਸ ਦੀ

... ਬਾਕੀ ਸਫਾ 2 'ਤੇ

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
416.566.7605
gurbir.chahal@yahoo.com
ROYAL LEPAGE Flower City Realty

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

OURR HOME & APPLIANCES
DEALS
SPRING DEALS ON LUXURY APPLIANCES
$1699* $2999* $299* $4699* $2999* $199
Authorized Dealer for ALL MAJOR BRANDS
HURRY NOW
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Power of Attorney/Affidavit /Attestations
- Real Estate
- Business Closing
- Wills & Estate
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic.12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਡਰੱਗ ਡੀਲਰ ਦੇ ਅਪਾਰਟਮੈਂਟ ਵਿੱਚੋਂ ਟੋਰਾਂਟੋ ਪੁਲਿਸ ਨੇ ਆਪ ਹੀ ਚੋਰੀ ਕੀਤੇ 6000 ਡਾਲਰ

ਸਫਾ 1 ਦਾ ਬਾਕੀ

ਰਿਹਾਇਸ਼ ਵਿੱਚ ਮਾਰੇ ਗਏ ਛਾਪੇ ਤੋਂ ਲੈ ਕੇ ਰਕਮ ਨੂੰ ਪੁਲਿਸ ਸਟੇਸ਼ਨ ਲਿਜਾਏ ਜਾਣ ਦਰਮਿਆਨ 6000 ਡਾਲਰ ਦੀ ਨਕਦੀ ਦਾ ਕੋਈ ਅਤਾ ਪਤਾ ਨਹੀਂ ਲੱਗ ਰਿਹਾ। ਸ਼ੋਫੀਲਡ ਨੇ ਆਖਿਆ ਕਿ ਪੁਲਿਸ ਅਧਿਕਾਰੀਆਂ ਵੱਲੋਂ ਰੋਚਾ ਦੇ ਘਰ ਵਿੱਚ ਜਿਸ ਨਕਦੀ ਨਾਲ ਤਸਵੀਰਾਂ ਲਈਆਂ ਗਈਆਂ ਸਨ ਉਨ੍ਹਾਂ ਦੀ ਮਾਤਰਾ ਜ਼ਿਆਦਾ ਸੀ ਪਰ ਜਿਹੜੇ ਬੰਡਲ ਪੁਲਿਸ ਸਟੇਸ਼ਨ ਪਹੁੰਚੇ ਉਹ ਮੁਕਾਬਲਤਨ ਘੱਟ ਸਨ। ਇਸ ਲਈ ਅਜਿਹਾ ਕਰਕੇ ਪੁਲਿਸ ਅਧਿਕਾਰੀ ਆਪ ਹੀ ਫਸ ਗਏ। ਜੱਜ ਵੱਲੋਂ ਵੀ ਇਸ ਗੱਲ ਦੀ ਪੁਸ਼ਟੀ ਨਹੀਂ ਕੀਤੀ ਗਈ ਹੈ ਕਿ ਕਿੰਨੀ ਰਕਮ ਲਾਪਤਾ ਹੈ। ਪਰ ਉਨ੍ਹਾਂ ਇਹ ਜ਼ਰੂਰ ਸਵੀਕਾਰ ਕੀਤਾ ਕਿ ਫੋਟੋਆਂ ਦੇ ਤੁਲਨਾਤਮਕ ਅਧਿਐਨ ਤੋਂ ਬਾਅਦ 6000 ਡਾਲਰ ਦੇ ਨੇੜੇ ਤੇੜੇ ਲਾਪਤਾ ਹੈ। ਸ਼ੋਫੀਲਡ ਵੱਲੋਂ ਇਸ ਮਾਮਲੇ ਦੀ ਜਾਂਚ ਲਈ ਟੋਰਾਂਟੋ ਦੀ ਪੁਲਿਸ ਪ੍ਰੋਫੈਸ਼ਨਲ ਸਟੈਂਡਰਡਜ਼ ਯੂਨਿਟ ਨਾਲ ਸੰਪਰਕ ਕਰਨ ਵਰਗਾ ਅਹਿਮ ਕਦਮ ਚੁੱਕਿਆ ਜਾ ਰਿਹਾ ਹੈ।

# ਈਰਾਨ 'ਚ ਭਿਆਨਕ ਧਮਾਕੇ ਕਾਰਨ 3 ਰਿਹਾਇਸ਼ੀ ਇਮਾਰਤਾਂ ਡਿੱਗੀਆਂ, 7 ਲੋਕਾਂ ਦੀ ਮੌਤ



ਤਹਿਰਾਨ, 12 ਮਾਰਚ (ਪੋਸਟ ਬਿਊਰੋ): ਈਰਾਨ ਦੇ ਤਬਰੀਜ਼ ਸ਼ਹਿਰ 'ਚ ਐਤਵਾਰ ਨੂੰ ਇਕ ਧਮਾਕੇ ਤੋਂ ਬਾਅਦ ਤਿੰਨ ਰਿਹਾਇਸ਼ੀ ਇਮਾਰਤਾਂ ਦੇ ਢਹਿ ਜਾਣ ਕਾਰਨ ਘੱਟੋ-ਘੱਟ 7 ਲੋਕਾਂ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖਮੀ ਹੋ ਗਏ। ਧਮਾਕਾ ਇੱਕ ਦੋ ਮੰਜ਼ਿਲਾ ਇਮਾਰਤ ਵਿੱਚ ਸਵੇਰੇ 3 ਵਜੇ (ਸਥਾਨਕ ਸਮੇਂ ਅਨੁਸਾਰ) ਹੋਇਆ।

ਜਾਣਕਾਰੀ ਮੁਤਾਬਿਕ ਵਿਸਫੋਟ ਦੇ ਪ੍ਰਭਾਵ ਨਾਲ ਇਮਾਰਤ ਅਤੇ ਨਾਲ ਲੱਗਦੀਆਂ ਦੋ ਇਮਾਰਤਾਂ ਪੂਰੀ ਤਰ੍ਹਾਂ ਤਬਾਹ ਹੋ ਗਈਆਂ। ਧਮਾਕੇ ਨਾਲ ਆਸ-ਪਾਸ ਦੀਆਂ ਕਈ ਇਮਾਰਤਾਂ ਨੂੰ ਵੀ ਨੁਕਸਾਨ ਪਹੁੰਚਿਆ, ਖਿੜਕੀਆਂ ਦੇ ਸ਼ੀਸ਼ੇ ਟੁੱਟ ਗਏ। ਅਧਿਕਾਰੀ ਧਮਾਕੇ ਦੇ ਕਾਰਨਾਂ ਦੀ ਜਾਂਚ ਕਰ ਰਹੇ ਹਨ, ਉਨ੍ਹਾਂ ਨੇ ਕਿਹਾ ਕਿ ਜ਼ਖਮੀਆਂ ਵਿੱਚੋਂ ਦੋ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਆਈਆਰਐਨਏ ਨੇ ਕਿਹਾ ਕਿ ਮਲਬੇ ਵਿੱਚੋਂ ਇੱਕ ਵਿਅਕਤੀ ਨੂੰ ਜ਼ਿੰਦਾ ਕੱਢਿਆ ਗਿਆ ਹੈ। ਬਚਾਅ ਕਾਰਜ ਜਾਰੀ ਹੈ।

ਇਸ ਤੋਂ ਪਹਿਲਾਂ ਈਰਾਨ ਦੇ ਹੀ ਗੁਆਂਢੀ ਦੇਸ਼ ਪਾਕਿਸਤਾਨ ਦੇ ਕਰਾਚੀ ਵਿੱਚ ਇੱਕ 16 ਮੰਜ਼ਿਲਾ ਇਮਾਰਤ ਵਿੱਚ ਅੱਗ ਲੱਗ ਗਈ ਸੀ। ਇਸ ਘਟਨਾ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ ਸੀ।

# ਕੰਗਿਸਟਨ ਰੋਡ ਉੱਤੇ ਹੋਏ ਕਤਲ ਦੀ ਜਾਂਚ ਕਰ ਰਹੀ ਹੈ ਪੁਲਿਸ




ਟੋਰਾਂਟੋ, 12 ਮਾਰਚ (ਪੋਸਟ ਬਿਊਰੋ) : ਕਿੰਗਸਟਨ ਰੋਡ ਤੇ ਮੈਕੋਵਨ ਰੋਡ ਏਰੀਆ ਵਿੱਚ ਹੋਏ ਕਤਲ ਦੀ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

6 ਮਾਰਚ ਨੂੰ ਰਾਤੀਂ 1:00 ਵਜੇ ਦੇ ਨੇੜੇ ਤੇੜੇ ਟੋਰਾਂਟੋ ਪੁਲਿਸ ਨੂੰ ਕਿੰਗਸਟਨ ਰੋਡ ਉੱਤੇ ਸਥਿਤ ਰੌਏਕ੍ਰੌਫਟ ਮੋਟਲ ਤੋਂ ਕਿਸੇ ਵਿਅਕਤੀ ਨੂੰ ਗੋਲੀ ਲੱਗਣ ਦੀ ਰਿਪੋਰਟ ਮਿਲੀ। ਮੌਕੇ ਉੱਤੇ ਪੁਲਿਸ ਨੂੰ ਗੋਲੀ ਲੱਗਣ ਕਾਰਨ ਜ਼ਖ਼ਮੀ ਹੋਇਆ ਵਿਅਕਤੀ ਮਿਲਿਆ ਤੇ ਉਸ ਨੂੰ ਇਲਾਜ ਲਈ ਬਹੁਤ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਪਰ 12 ਮਾਰਚ ਨੂੰ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਉਸ ਵਿਅਕਤੀ ਦੀ ਮੌਤ ਹੋ ਗਈ।

ਵਿਅਕਤੀ ਦੀ ਪਛਾਣ 39 ਸਾਲਾ ਸ਼ਾਅਨ ਵਾਲਟਰਜ਼ ਵਜੋਂ ਕੀਤੀ ਗਈ ਹੈ ਪਰ ਉਸ ਦੇ ਪੱਕੇ ਪਤੇ ਦਾ ਕੋਈ ਪਤਾ ਨਹੀਂ ਲੱਗ ਸਕਿਆ। ਇਸ ਘਟਨਾ ਦੇ ਸਬੰਧ ਵਿੱਚ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਰੱਖਣ ਵਾਲਿਆਂ ਨੂੰ ਪੁਲਿਸ ਸਾਹਮਣੇ ਆਉਣ ਲਈ ਆਖ ਰਹੀ ਹੈ।

## ਅੱਜ ਨਾਮਾ

ਬੱਜਟ ਸੈਸ਼ਨ ਵਿੱਚ ਕਈਆਂ ਸੀ ਚੋਭ ਲਾਈ,
ਡੋਬ ਕੇ ਤੁਰ ਗਿਆ ਬਾਦਲ ਮਨਪ੍ਰੀਤ ਬੇਲੀ।
ਕਰਿਆ ਨੇਕੀ ਦਾ ਕੰਮ ਨਹੀਂ ਕੋਈ ਉਸ ਨੇ,
ਕਰਿਆ ਸ਼ੇਅਰਾਂ ਲਈ ਵਕਤ ਬਤੀਤ ਬੇਲੀ।
ਕਿਹਾ ਕਈਆਂ ਕਿ ਨੀਤੀ ਨਾ ਠੀਕ ਉਸ ਦੀ,
ਆਖਿਆ ਕਈਆਂ ਕਿ ਭਲੀ ਨਾ ਨੀਤ ਬੇਲੀ।
ਮੌਕਾ-ਪ੍ਰਸਤ ਜਿਹਾ ਕਈਆਂ ਨੇ ਕਿਹਾ ਬੰਦਾ,
ਕਈਆਂ ਕਿਹਾ ਕਿ ਮਾਇਆ ਦਾ ਮੀਤ ਬੇਲੀ।
ਰਹਿ ਗਏ ਤਰਸਦੇ ਪਬਲਿਕ ਦੇ ਕੰਨ ਸੀ ਗੇ,
ਕਦੇ ਕੋਈ ਆਊਗਾ ਅੱਗੋਂ ਪ੍ਰਤੀਕਰਮ ਬੇਲੀ।
ਵੱਟੀ ਰਹੀ ਚੁੱਪ ਤੇਮੌਨ ਵਰਤ ਤੋੜਿਆ ਨਾ,
ਬਣ ਗਈ ਚੁੱਪ ਵੀ ਨਵਾਂ ਇੱਕ ਭਰਮ ਬੇਲੀ।

**ਤੀਸ ਮਾਰ ਖਾਂ**

# ਸਮ੍ਰਿੱਧੀ ਐਕਸਪ੍ਰੈਸ ਵੇਅ 'ਤੇ ਕਾਰ ਹਾਦਸਾਗ੍ਰਸਤ, 6 ਲੋਕਾਂ ਦੀ ਮੌਤ



ਬੁਲਢਾਣਾ, 12 ਮਾਰਚ (ਪੋਸਟ ਬਿਊਰੋ): ਮਹਾਰਾਸ਼ਟਰ ਦੇ ਬੁਲਢਾਣਾ ਜ਼ਿਲ੍ਹੇ ਵਿੱਚ ਐਤਵਾਰ ਸਵੇਰੇ ਸਮ੍ਰਿਧੀ ਐਕਸਪ੍ਰੈਸ ਵੇਅ ਉੱਤੇ ਇੱਕ ਕਾਰ ਹਾਦਸੇ ਦਾ ਸ਼ਿਕਾਰ ਹੋ ਗਈ। ਜਿਸ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ ਸੀ। ਬੁਲਢਾਨਾ ਦੇ ਐਸਪੀ ਸਾਰੰਗ ਅਵਹਾਦ ਨੇ ਦੱਸਿਆ ਕਿ ਇਹ ਹਾਦਸਾ ਸਵੇਰੇ 8 ਵਜੇ ਸ਼ਿਵਨੀ ਪੀਸਾ ਪਿੰਡ ਵਿੱਚ ਵਾਪਰਿਆ, ਜਦੋਂ ਕਾਰ 13 ਲੋਕਾਂ ਨੂੰ ਲੈ ਕੇ ਔਰੰਗਾਬਾਦ ਤੋਂ ਸ਼ੇਗਾਉਂ ਜਾ ਰਹੀ ਸੀ। ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ।

ਐਸਪੀ ਨੇ ਦੱਸਿਆ ਕਿ ਕਾਰ ਦਾ ਡਰਾਈਵਰ ਕੰਟਰੋਲ ਗੁਆ ਬੈਠਾ, ਜਿਸ ਤੋਂ ਬਾਅਦ ਗੱਡੀ ਸੜਕ ਦੇ ਬੈਰੀਅਰ ਨਾਲ ਟਕਰਾ ਕੇ ਪਲਟ ਗਈ। ਕਾਰ ਵਿੱਚ ਸਵਾਰ ਛੇ ਵਿਅਕਤੀਆਂ ਵਿੱਚ ਇੱਕ ਪੁਰਸ਼, ਚਾਰ ਔਰਤਾਂ ਅਤੇ ਇੱਕ ਲੜਕੀ ਸ਼ਾਮਲ ਹੈ। ਜਿਨ੍ਹਾਂ ਦੀ ਮੌਤ ਹੋ ਚੁੱਕੀ ਹੈ। ਜ਼ਖਮੀਆਂ ਨੂੰ ਇਲਾਜ ਲਈ ਔਰੰਗਾਬਾਦ ਭੇਜਿਆ ਗਿਆ ਹੈ। ਇਸ ਤੋਂ ਪਹਿਲਾਂ, ਕੁਝ ਅਧਿਕਾਰੀਆਂ ਨੇ ਹਾਦਸੇ ਦਾ ਮੁੱਖ ਕਾਰਨ ਟਾਇਰ ਫਟਣ ਦਾ ਹਵਾਲਾ ਦਿੱਤਾ ਸੀ, ਹਾਲਾਂਕਿ ਉਨ੍ਹਾਂ ਨੇ ਕਿਹਾ ਕਿ ਸਾਈਟ ਤੋਂ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।






















# ਚਿੱਤਰਕਾਰੀ ਦੀ ਦੁਨੀਆਂ ਵਿੱਚ ਉੱਭਰਦਾ ਨਾਮ ਹਰਸ਼ਪ੍ਰੀਤ ਸਿੰਘ



ਪ੍ਰਮਾਤਮਾ ਦੀ ਬਖਸ਼ਿਸ਼ ਹੀ ਹੁੰਦੀ ਹੈ ਵਿਰਲੇ-ਵਿਰਲੇ ਇਨਸਾਨਾਂ ਉਪਰ ਜਿੰਨਾ ਨੂੰ ਕੁੱਝ ਖਾਸ ਪ੍ਰਤਿਭਾ ਮਿਲੀ ਹੁੰਦੀ ਹੈ ਕਿ ਉਹ ਆਪਣੇ ਬੋਲਾਂ, ਲਿੱਖਤਾਂ ਜਾਂ ਕਲਾਕ੍ਰਿਤੀਆਂ ਨਾਲ ਆਪਣੇ ਨਜਰੀਆ ਨੂੰ ਬੜੇ ਹੀ ਵਿਲੱਖਣ ਢੰਗ ਨਾਲ ਲੋਕਾਂ ਦੀ ਕਚਹਿਰੀ ਵਿੱਚ ਰੱਖ ਪਾਉਂਦੇ ਹਨ। ਜਿਵੇਂ ਕੋਈ ਸੰਗੀਤਕਾਰ ਆਪਣੀਆਂ ਸੰਗੀਤਕ ਧੁਨੀਆਂ ਰਾਹੀ ਆਪਣਾ ਪੱਖ ਸਮਾਜ ਅੱਗੇ ਰੱਖਦਾ ਹੈ ਇਵੇਂ ਹੀ ਇਕ ਚਿਤਰਕਾਰ ਆਪਣੇ ਮਨੋਭਾਵਾਂ, ਖਿਆਲਾਂ, ਵਲਵਲਿਆਂ ਜਾਂ ਨਜਰੀਏ ਨੂੰ ਚਿੱਤਰਕਲਾ ਰਾਹੀ ਸਮਾਜ ਅੱਗੇ ਪੇਸ਼ ਕਰਦਾ ਹੈ। ਅਜਿਹਾ ਹੀ ਇੱਕ ਹੋਣਹਾਰ ਉੱਭਰਦਾ ਚਿੱਤਰਕਾਰ ਹੈ: ਹਰਸ਼ਪ੍ਰੀਤ ਸਿੰਘ। ਪਿਤਾ ਮਨਜਿੰਦਰ ਸਿੰਘ ਅਤੇ ਮਾਤਾ ਅਮਨਦੀਪ ਕੌਰ ਵਾਸੀ ਪਿਪਲਾਵਾਲਾ ਹੁਸ਼ਿਆਰਪੁਰ ਦਾ ਲਾਡਲਾ ਸਪੂਤ ਮਹਿਜ਼ 16 ਸਾਲ ਦੀ ਉਮਰ ਵਿੱਚ ਚਿੱਤਰਕਾਰੀ ਖੇਤਰ ਵਿੱਚ ਆਪਣੇ ਹੁਨਰ ਦਾ ਲੋਹਾ ਮਨਵਾ ਰਿਹਾ ਹੈ। ਮੌਜੂਦਾ ਸਮੇਂ ਵੁੱਡਲੈਂਡ ਉਵਰਸੀਜ ਸਕੂਲ ਹੁਸ਼ਿਆਰਪੁਰ ਵਿਖੇ ਫਾਈਨ ਆਰਟ ਦਾ ਵਿਦਿਆਰਥੀ ਹਰਸ਼ਪ੍ਰੀਤ ਸਿੰਘ ਨੂੰ ਚਿੱਤਰਕਾਰੀ ਦਾ ਸ਼ੋਕ ਬਚਪਨ ਤੋਂ ਹੀ ਰਿਹਾ ਹੈ। ਨਰਸਰੀ ਜਮਾਤ ਵਿੱਚ ਪੜਦੇ ਹੋਏ ਮਾਊਂਟ ਕਾਰਮਲ ਸਕੂਲ ਦੁਆਰਾ ਪ੍ਰਕਾਸ਼ਿਤ ਕੀਤੇ ਗਏ ਸਾਲਾਨਾ ਮੈਗਜੀਨ ਵਿੱਚ ਉਸ ਦੇ ਚਿੱਤਰਾਂ ਨੂੰ ਵਿਸ਼ੇਸ਼ ਸਥਾਨ ਦਿੱਤਾ ਗਿਆ। ਪਿਛਲੇ ਸਮੇਂ ਜਦੋਂ ਕਰੋਨਾ ਮਹਾਮਾਰੀ ਕਾਰਨ ਸਭ ਕੁੱਝ ਬੰਦ ਸੀ ਤਾਂ ਇਸ ਸਮੇਂ ਨੂੰ ਰਸ਼ਪ੍ਰੀਤ ਸਿੰਘ ਨੇ ਆਪਣੇ ਅੰਦਰ ਦੀ ਇਸ ਕਲਾਂ ਨੂੰ ਹੋਰ ਨਿਖਾਰਨ ਦਾ ਮੌਕਾ ਮਿਲਿਆ।

ਜਿਸ ਵੀ ਇਨਸਾਨ ਦੇ ਮਨ ਅੰਦਰ ਆਪਣੇ ਮਨੋਭਾਵਾਂ, ਅਹਿਸਾਸਾਂ, ਵਲਵਲਿਆਂ ਅਤੇ ਆਪਣੀ ਕਲਪਨਾਵਾਂ ਨੂੰ ਰੰਗਾਂ ਦੀ ਜਾਦੂਈ ਛੋਹ ਦੇਣ ਦੀ ਕਾਬਲਿਅਤ ਹੋਵੇ ਤਾਂ ਉਸ ਦੀ ਸਿਰਜਣਾ ਹਰ ਕਿਸੇ ਦਾ ਧਿਆਨ ਆਪਣੇ ਵਲ ਖਿੱਚ ਦੀ ਹੀ ਹੈ। ਇਸ ਸਮੇਂ ਹਰਸ਼ਦੀਪ ਸਿੰਘ ਸਿੱਖ ਇਤਿਹਾਸ ਤੋਂ ਸੇਧ ਲੈ ਕੇ ਗੁਰੂ ਸਾਹਿਬਾਨ ਦੇ ਚਿੱਤਰ ਬਣਾ ਰਿਹਾ ਹੈ। ਸਭ ਤੋਂ ਪਹਿਲਾਂ ਦਸ਼ਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪੈਨਸਿਲ ਸਕੈਚ ਤਿਆਰ ਕੀਤਾ ਗਿਆ। ਇਸ ਤੋਂ ਬਾਅਦ ਲਗਾਤਾਰ ਮਿਹਨਤ ਕਰਕੇ ਕਈ ਹੋਰ ਚਿੱਤਰ ਤਿਆਰ ਕਰਕੇ ਆਪਣੀ ਕਲਾਂ ਵਿੱਚ ਲਗਾਤਾਰ ਨਿਖਾਰ ਲਿਆਦਾਂ।

ਉਸ ਦੀ ਕਲਾਤਮਿਕ ਸੂਝ-ਬੂਝ ਦੀ ਕਮਾਲ ਹੀ ਮੰਨੀ ਜਾ ਸਕਦੀ ਹੈ। ਛੋਟੇ ਜਿਹੇ ਚਿੱਤਰਕਰੀ ਦੇ ਸਫ਼ਰ ਵਿੱਚ ਕਈ ਨੁਮਾਇਸ਼ਾਂ ਵਿੱਚ ਉਸ ਨੇ ਕਲਾ ਪ੍ਰੇਮੀਆਂ ਦੀ ਵਾਹ-ਵਾਹ ਖੱਟੀ ਹੈ। ਜਿਵੇਂ: 2020 'ਚ ਕਲਾ ਉਤਸਵ ਵਿੱਚ ਹਿੱਸਾ ਲਿਆ ਅਤੇ ਪੇਟਿੰਗ ਪ੍ਰਤੀਯੋਗਤਾ ਵਿੱਚ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪੋਰਟਰੇਟ ਬਣਾ ਕੇ ਜਿਲ੍ਹਾ ਪੱਧਰੀ ਪਹਿਲਾ ਸਥਾਨ ਪ੍ਰਾਪਤ ਕੀਤਾ। 2022 ਵਿੱਚ ਹੀ ਜਲੰਧਰ ਵਿਖੇ ਸਹੋਦਿਆ ਗਰੁੱਪ ਦੇ 23 ਸਕੂਲਾਂ ਦਰਮਿਆਨ ਹੋਈ ਰੰਗੋਲੀ ਪ੍ਰਤੀਯੋਗਤਾ ਵਿੱਚ ਪ੍ਰਥਮ ਸਥਾਨ ਹਾਸਿਲ ਕੀਤਾ। ਉਸ ਹੀ ਸਾਲ ਯਾਨੀ ਕਿ ਅਕਤੂਬਰ 2022 ਵਿੱਚ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਵਲੋਂ ਰੋਸ਼ਨ ਗਰਾਊਂਡ ਵਿਖੇ ਹਰ ਸਾਲ ਕਰਵਾਏ ਜਾਂਦੇ ਮਹਾਨ ਕੀਰਤਨ ਦਰਬਾਰ ਵਿੱਚ ਹਰਸ਼ਪ੍ਰੀਤ ਸਿੰਘ ਵਲੋਂ ਚਿਤਰਨ ਕੀਤੇ ਸਿੱਖ ਇਤਿਹਾਸ ਨਾਲ ਸਬੰਧਤ ਪਹਿਲੀ ਚਿੱਤਰਾਂ ਦੀ ਪ੍ਰਦਰਸ਼ਨੀ ਲਗਾਈ ਗਈ ਜਿਸ ਦੌਰਾਨ ਸੰਗਤਾਂ ਉਸ ਦੀ ਕਲਾਤਮਿਕ ਪ੍ਰਤਿਭਾ ਤੋਂ ਪ੍ਰਭਾਵਿਤ ਹੋਏ ਬਿਨਾਂ ਨਹੀਂ ਰਹਿ ਸਕੀਆਂ। ਨਵੰਬਰ 2022 ਵਿੱਚ ਪਿੰਡ ਭਾਰਟਾ ਗਣੇਸ਼ਪੁਰ ਵਿਖੇ ਗੁਰਦੁਆਰਾ ਥੜਾ ਸਾਹਿਬ ਵਿਖੇ ਹੋਏ ਗੁਰਮਤਿ ਸਮਾਗਮ ਦੌਰਾਨ ਸਿੱਖ ਇਤਿਹਾਸ ਨਾਲ ਸਬੰਧਤ ਚਿੱਤਰਾਂ ਦੀ ਪ੍ਰਦਰਸ਼ਨੀ ਲਗਾਈ ਗਈ। ਜਿਸ ਨੂੰ ਸੰਗਤਾਂ ਦਾ ਭਰਪੂਰ ਹੁੰਗਾਰਾ ਮਿਲਿਆ। ਇਸ ਦੇ ਨਾਲ ਹੀ ਦਸੰਬਰ 2022 ਵਿੱਚ ਵੁੱਡਲੈਂਡ ਉਵਰਸੀਜ ਸਕੂਲ ਹੁਸ਼ਿਆਰਪੁਰ ਵਿਖੇ ਵੀ ਚਿੱਤਰਾਂ ਦੀ ਪ੍ਰਦਰਸ਼ਨੀ ਲਗਾਈ ਗਈ। ਜਿਸ ਦੀ ਵੀ ਪੂਰੇ ਅਧਿਆਪਕ ਅਤੇ ਵਿਦਿਆਰਥੀ ਵਰਗ ਵਲੋਂ ਤਾਰੀਫ਼ ਕੀਤੀ ਗਈ। ਹਰਸ਼ਪ੍ਰੀਤ ਸਿੰਘ ਦੇ ਇਸ ਹੁਨਰ ਨੂੰ ਨਿਖਾਰਨ ਵਿੱਚ ਜਿੱਥੇ ਉਸ ਦੀ ਅਣਥੱਕ ਮਿਹਨਤ ਅਤੇ ਲਗਨ ਹੈ ਉੱਥੇ ਹੀ ਉਸ ਦੇ ਤਾਇਆ ਜੀ ਸਰਦਾਰ ਵਰਿੰਦਰ ਸਿੰਘ ਰਾਜਪੁਰੀ ਅਤੇ ਦਿਲਜੀਤ ਸਿੰਘ ਰਾਜਪੁਰੀ ਦਾ ਵੀ ਵੱਡਮੁੱਲਾ ਯੋਗਦਾਨ ਰਿਹਾ ਹੈ ਜੋ ਕਿ ਖੁਦ ਇਸ ਖੇਤਰ ਵਿੱਚ ਬਹੁਤ ਮਾਹਿਰ

ਆਰਟਿਸਟ ਹਨ। ਹਰਸ਼ਪ੍ਰੀਤ ਸਿੰਘ ਵਲੋਂ ਬਣਾਈਆਂ ਗਈਆਂ ਮੁੱਖ ਤਸਵੀਰਾਂ ਵਿੱਚ:

-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਕਮਾਲ ਨੀਲੇ ਘੋੜੇ ਦੀ ਸਵਾਰੀ ਕਰਦਿਆਂ ਦਾ ਚਿੱਤਰ,
-ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪੋਰਟਰੇਟ,
-ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦਾ ਸ਼ਹੀਦੀ ਦ੍ਰਿਸ਼,
-ਸੰਤ ਜਰਨੈਲ ਸਿੰਘ ਜੀ ਦਾ ਮਾਸਟਰਪੀਸ ਪੋਰਟਰੇਟ,
-ਆਰਟਿਸਟ ਸੋਭਾ ਸਿੰਘ ਦਾ ਪੋਰਟਰੇਟ,
-ਸ੍ਰੀ ਗੁਰੂ ਹਰਕਿਸ਼ਨ ਜੀ ਦਾ ਪੋਰਟਰੇਟ ਜੋ ਕਿ ਗੁਰਦੁਆਰਾ ਸ੍ਰੀ ਪੰਜੋਖੜਾ ਸਾਹਿਬ ਅੰਬਾਲਾ ਕੈਂਟ ਵਿਖੇ ਲਗਾਇਆ ਗਿਆ ਹੈ,
-ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਿੰਘ ਜੀ ਦਾ ਪੋਰਟਰੇਟ
।

ਜੇਕਰ ਭਵਿੱਖ ਦੀ ਗੱਲ ਕਰੀਏ ਤਾਂ ਹਰਸ਼ਪ੍ਰੀਤ ਸਿੰਘ ਦੀ ਫਾਈਨ ਆਰਟ ਦੀ ਡਿਗਰੀ ਕਰਨ ਉਪਰੰਤ ਇਕ ਵਿਸ਼ਵ ਪੱਧਰੀ ਚਿੱਤਰਕਾਰ ਬਣਨ ਦਾ ਸੁਪਨਾ ਹੈ। ਵਿਸ਼ੇਸ਼ ਤੌਰ ਤੇ ਗੌਰਵਮਈ ਸਿੱਖ ਇਤਿਹਾਸ ਨੂੰ ਆਪਣੀ ਚਿੱਤਰਕਾਰੀ ਦੁਆਰਾ ਚਿਤਰਨ ਕਰਨ ਦੀ ਵਿਉਂਤਬੰਦੀ ਹੈ। ਆਸ ਅਤੇ ਅਰਦਾਸ ਹੈ ਕਿ ਹਰਸ਼ਪ੍ਰੀਤ ਸਿੰਘ ਭਵਿੱਖ ਵਿੱਚ ਚਿੱਤਰਕਾਰੀ ਦੇ ਇਸ ਖੇਤਰ ਵਿੱਚ ਇਕ ਵੱਡਾ ਮੁਕਾਮ ਹਾਸਿਲ ਕਰੇਗਾ।। ਆਮੀਨ।।!

*-ਜਗਜੀਤ ਸਿੰਘ ਗਣੇਸ਼ਪੁਰ,*
*ਪਿੰਡ ਭਾਰਟਾ ਗਣੇਸ਼ਪੁਰ,*
*ਹੁਸ਼ਿਆਰਪੁਰ।*
*ਮੋ:94655-76022*

# ਤੁਹਾਡੀ ਯਾਦਦਾਸ਼ਤ ਨੂੰ ਕਿਵੇਂ ਸੁਧਾਰਿਆ ਜਾਵੇ?



ਅਸੀਂ ਅਕਸਰ ਸੁਣਿਆ ਹੈ ਕਿ ਬਹੁਤ ਸਾਰੇ ਲੋਕਾਂ ਨੂੰ ਯਾਦਦਾਸ਼ਤ ਦੀ ਕਮੀ ਦਾ ਸਾਹਮਣਾ ਕਰਨਾ ਪੈਂਦਾ ਹੈ ਜਾਂ ਉਹ ਆਪਣੇ ਰੋਜ਼ਾਨਾ ਦੇ ਕੰਮਾਂ ਵਿੱਚ ਬਹੁਤ ਭੁੱਲ ਜਾਂਦੇ ਹਨ। ਯਾਦਦਾਸ਼ਤ ਦੀਆਂ ਸਮੱਸਿਆਵਾਂ ਕਈ ਕਾਰਨਾਂ ਕਰਕੇ ਹੋ ਸਕਦੀਆਂ ਹਨ। ਅਸੀਂ ਲੋਕਾਂ ਨੂੰ ਪੁੱਛਦੇ ਹਾਂ ਅਤੇ ਯਾਦਦਾਸ਼ਤ ਨੂੰ ਬਿਹਤਰ ਬਣਾਉਣ ਦੇ ਬਿਹਤਰ ਤਰੀਕੇ ਲੱਭਣ ਲਈ ਸਰਫਿੰਗ ਕਰਦੇ ਹਾਂ। ਯਾਦਦਾਸ਼ਤ ਅਸਲ ਵਿੱਚ ਕੀ ਹੈ? ਮੈਮੋਰੀ ਅਸਲ ਵਿੱਚ ਜਾਣਕਾਰੀ ਨੂੰ ਸਟੋਰ ਕਰਨ, ਬਰਕਰਾਰ ਰੱਖਣ ਅਤੇ ਮੁੜ ਪ੍ਰਾਪਤ ਕਰਨ ਦੀ ਸਮਰੱਥਾ ਹੈ।

ਥੋੜ੍ਹੇ ਸਮੇਂ ਵਿੱਚ ਚੰਗੀ ਯਾਦਦਾਸ਼ਤ ਪ੍ਰਾਪਤ ਕਰਨ ਲਈ ਕੁਝ ਸਧਾਰਨ ਪ੍ਰਕਿਰਿਆਵਾਂ ਅਤੇ ਅਭਿਆਸਾਂ ਨੂੰ ਮੈਂ ਤੁਹਾਡੇ ਨਾਲ ਸਾਂਝਾ ਕਰਾਂਗਾ।

ਕਦਮ 1: ਉਹ ਚੀਜ਼ਾਂ ਲਿਖੋ ਜਿਨ੍ਹਾਂ ਲਈ ਤੁਸੀਂ ਸ਼ੁਕਰਗੁਜ਼ਾਰ ਹੋ

ਇਹ ਇੱਕ ਸ਼ੁਰੂਆਤੀ ਵਜੋਂ ਚੁੱਕਣ ਲਈ ਇੱਕ ਵਧੀਆ ਕਦਮ ਹੈ ਅਤੇ ਇਹ ਤੁਹਾਨੂੰ ਦਿਨ ਦੀਆਂ ਘਟਨਾਵਾਂ ਬਾਰੇ ਸੋਚਣਾ ਸ਼ੁਰੂ ਕਰਨ ਦੇ ਯੋਗ ਬਣਾਉਂਦਾ ਹੈ। ਇਸ ਪ੍ਰਕਿਰਿਆ ਦੇ ਦੌਰਾਨ, ਤੁਸੀਂ ਆਪਣੇ ਆਪ ਨੂੰ ਵਾਪਰੀਆਂ ਕੁਝ ਘਟਨਾਵਾਂ ਲਈ ਧੰਨਵਾਦੀ ਮਹਿਸੂਸ ਕਰੋਗੇ।

ਕਦਮ 2: ਸਕਾਰਾਤਮਕ ਅਨੁਭਵ ਦਾ ਇੱਕ ਪੈਰਾ ਲਿਖੋ

ਆਏ ਦਿਨ ਕਈ ਘਟਨਾਵਾਂ ਵਾਪਰ ਰਹੀਆਂ ਹਨ। ਸੌਣ ਤੋਂ ਪਹਿਲਾਂ, ਇਹ ਆਦਤ ਬਣਾਓ ਕਿ ਤੁਸੀਂ ਉਸ ਸਕਾਰਾਤਮਕ ਅਨੁਭਵ ਦਾ ਘੱਟੋ ਘੱਟ ਇੱਕ ਛੋਟਾ ਪੈਰਾ ਲਿਖੋ ਜੋ ਤੁਸੀਂ ਦਿਨ ਵਿੱਚ ਲੰਘਿਆ ਸੀ। ਯਕੀਨੀ ਤੌਰ 'ਤੇ, ਹਰ ਦਿਨ ਤੁਹਾਡੇ ਲਈ ਕੁਝ ਸਕਾਰਾਤਮਕ ਹੋਵੇਗਾ।

ਕਦਮ 3: ਕਸਰਤ ਕਰੋ

ਕਸਰਤ ਕਰਨਾ ਵੀ ਤੁਹਾਡੇ ਸਰੀਰ ਵਿੱਚ ਆਕਸੀਜਨ ਦਾ ਸੰਚਾਰ ਕਰਨ ਦਾ ਸਭ ਤੋਂ ਵਧੀਆ ਤਰੀਕਾ ਹੈ ਅਤੇ ਤੁਹਾਡੇ ਦਿਮਾਗ ਨੂੰ ਤਾਜ਼ੇ ਅਤੇ ਸਿਹਤਮੰਦ ਰਹਿਣ ਲਈ ਚੰਗੀ ਮਾਤਰਾ ਵਿੱਚ ਆਕਸੀਜਨ ਦੀ ਲੋੜ ਹੁੰਦੀ ਹੈ।

ਕਦਮ 4: ਸਹੀ ਖੁਰਾਕ ਲਓ

ਭੋਜਨ ਤੁਹਾਡੇ ਲਈ ਹਰ ਤਰ੍ਹਾਂ ਨਾਲ ਮਹੱਤਵਪੂਰਨ ਹੈ। ਭੋਜਨ ਨਾ ਸਿਰਫ਼ ਤੁਹਾਡੇ ਸਰੀਰ ਨੂੰ ਬਾਲਣ ਦਿੰਦਾ ਹੈ, ਸਗੋਂ ਸਹੀ ਅਨੁਪਾਤ ਵਿੱਚ ਮੌਜੂਦ ਸਮੱਗਰੀ ਤੁਹਾਡੇ ਦਿਮਾਗ਼ ਦੇ ਸੈੱਲਾਂ ਨੂੰ ਕਿਰਿਆਸ਼ੀਲ ਅਤੇ ਊਰਜਾਵਾਨ ਬਣਾਉਣ ਵਿੱਚ ਵੀ ਮਦਦ ਕਰਦੀ ਹੈ। 3 ਵੱਡੇ ਭੋਜਨਾਂ ਦੀ ਬਜਾਏ 5-6 ਵਾਰ ਛੋਟਾ ਭੋਜਨ ਕਰਨ ਦੀ ਕੋਸ਼ਿਸ਼ ਕਰੋ।

ਕਦਮ 5: ਧਿਆਨ ਦਿਓ

ਆਪਣੇ ਆਲੇ-ਦੁਆਲੇ ਵੱਲ ਧਿਆਨ ਦੇਣਾ ਤੁਹਾਡੀ ਯਾਦਦਾਸ਼ਤ ਨੂੰ ਸੁਧਾਰਨ ਦਾ ਇੱਕ ਵਧੀਆ ਤਰੀਕਾ ਹੈ। ਇਹ ਤੁਹਾਡੀ ਯਾਦਦਾਸ਼ਤ ਨੂੰ ਵਧਾਉਣ ਦਾ ਇੱਕ ਰਸਤਾ ਹੈ।

ਕਦਮ 6: ਸੰਗਠਿਤ ਰਹੋ

ਇੱਕ ਗੜਬੜ ਵਾਲਾ ਮਨ ਚੀਜ਼ਾਂ ਨੂੰ ਯਾਦ ਕਰਨ ਦੇ ਯੋਗ ਨਹੀਂ ਹੋਵੇਗਾ। ਆਪਣੇ ਆਪ ਨੂੰ ਸੰਗਠਿਤ ਕਰੋ। ਆਪਣੇ ਰੋਜ਼ਾਨਾ ਦੇ ਸਮਾਨ ਦੀ ਸਾਂਭ-ਸੰਭਾਲ ਕਰਨ ਜਾਂ ਡਾਇਰੀ ਦੀ ਸਾਂਭ-ਸੰਭਾਲ, ਜਾਂ ਰੀਮਾਈਂਡਰ ਰੱਖਣ ਜਾਂ ਸਿਰਫ਼ ਨੋਟਸ ਰੱਖਣ ਦੇ ਪੈਟਰਨ ਦਾ ਪਾਲਣ ਕਰਨਾ, ਤੁਹਾਨੂੰ ਚੀਜ਼ਾਂ ਦੀ ਯੋਜਨਾ ਬਣਾਉਣ ਅਤੇ ਕ੍ਰਮ ਵਿੱਚ ਰਹਿਣ ਵਿੱਚ ਮਦਦ ਕਰੇਗਾ।

ਕਦਮ 7: ਇਵੈਂਟਾਂ ਦੀ ਕਲਪਨਾ ਕਰੋ

ਤੁਹਾਡੇ ਦਿਮਾਗ ਵਿੱਚ ਕਲਪਨਾ ਕਰਨ ਅਤੇ ਚੀਜ਼ਾਂ ਨੂੰ ਦੇਖਣ ਦੀਆਂ ਬਹੁਤ ਸ਼ਕਤੀਆਂ ਹਨ। ਜਦੋਂ ਕੋਈ ਕਿਤਾਬ ਪੜ੍ਹਦੇ ਹੋ ਜਾਂ ਕੁਝ ਵੀ ਸੁਣਦੇ ਹੋ, ਤਾਂ ਉਹਨਾਂ ਦੀ ਕਲਪਨਾ ਕਰੋ। ਤਸਵੀਰਾਂ ਸ਼ਬਦਾਂ ਨਾਲੋਂ ਜ਼ਿਆਦਾ ਪ੍ਰਭਾਵ ਛੱਡਦੀਆਂ ਹਨ।

ਤੀਜੀ ਧਿਰ ਦਾ ਚਿੱਤਰ ਹਵਾਲਾ

ਕਦਮ 8: ਦੁਹਰਾਓ

ਜਾਣਕਾਰੀ ਨੂੰ ਕਈ ਵਾਰ ਦੁਹਰਾਉਣ ਦੀ ਕੋਸ਼ਿਸ਼ ਕਰੋ, ਤਾਂ ਜੋ ਤੁਹਾਡੇ ਦਿਮਾਗ ਵਿੱਚ ਚਿਪਕ ਜਾਵੇ। ਜਦੋਂ ਤੁਸੀਂ ਜਾਣਕਾਰੀ ਨੂੰ ਰੀਵਾਇੰਡ ਕਰਦੇ ਹੋ, ਤਾਂ ਯਾਦ ਰੱਖਣ ਦੀ ਸੰਭਾਵਨਾ ਵੱਧ ਜਾਂਦੀ ਹੈ ਅਤੇ ਭੁੱਲਣ ਦੀ ਪ੍ਰਵਿਰਤੀ ਘੱਟ ਹੋ ਜਾਂਦੀ ਹੈ।

*-ਵਿਜੈ ਗਰਗ*
*ਰਿਟਾਇਰਡ ਪ੍ਰਿੰਸੀਪਲ*
*ਐਜੂਕੇਸ਼ਨਲ ਕਾਲਮਨਿਸਟ*
*ਮਲੋਟ, ਪੰਜਾਬ।*

# ਜੇਈਈ ਦੀ ਤਿਆਰੀ ਦੌਰਾਨ ਤਣਾਅ ਨੂੰ ਕਿਵੇਂ ਹਰਾਇਆ ਜਾਵੇ?

ਵਿਜੈ ਗਰਗ

ਜੇਈਈ ਭਾਰਤ ਵਿੱਚ ਸਭ ਤੋਂ ਵੱਧ ਪ੍ਰਤੀਯੋਗੀ ਪ੍ਰੀਖਿਆਵਾਂ ਵਿੱਚੋਂ ਇੱਕ ਹੈ। ਇਮਤਿਹਾਨ ਵੱਕਾਰੀ ਆਈਆਈਟੀ ਲਈ ਇੱਕ ਪ੍ਰਵੇਸ਼ ਬਿੰਦੂ ਹੈ, ਜੋ ਕਿ ਇੰਜੀਨੀਅਰਿੰਗ ਦੇ ਚਾਹਵਾਨਾਂ ਲਈ ਪ੍ਰੀਮੀਅਮ ਸੰਸਥਾਵਾਂ ਵਿੱਚੋਂ ਇੱਕ ਹੈ। ਜੇਈਈ ਦੀ ਤਿਆਰੀ ਦੌਰਾਨ ਤਣਾਅ ਸੁਭਾਵਿਕ ਹੈ; ਉੱਚ ਪੱਧਰ ਦਾ ਤਣਾਅ ਵਿਦਿਆਰਥੀ ਦੇ ਮਾਨਸਿਕ ਸਥਾਨ ਨੂੰ ਪ੍ਰਭਾਵਤ ਕਰ ਸਕਦਾ ਹੈ ਅਤੇ ਇਸ ਤਰ੍ਹਾਂ ਉਹਨਾਂ ਨੂੰ ਮਾੜੀ ਗੁਣਵੱਤਾ ਦਾ ਆਉਟਪੁੱਟ ਪ੍ਰਦਾਨ ਕਰ ਸਕਦਾ ਹੈ। ਇਸ ਲਈ, ਇਹ ਉਹਨਾਂ ਵੱਖ-ਵੱਖ ਤਰੀਕਿਆਂ ਨੂੰ ਸਮਝਣਾ ਜ਼ਰੂਰੀ ਹੈ ਜਿਨ੍ਹਾਂ ਦੁਆਰਾ ਜੇਈਈ ਦੇ ਚਾਹਵਾਨ ਇਸ ਦਾ ਮੁਕਾਬਲਾ ਕਰ ਸਕਦੇ ਹਨ ਅਤੇ ਜੇਈਈ ਦੇ ਆਧਾਰ ਕਾਰਜ ਲਈ ਇੱਕ ਮੂਰਖ-ਪਰੂਫ ਵਿਧੀ ਲੈ ਕੇ ਆ ਸਕਦੇ ਹਨ। ਜੇਈਈ ਦੀ ਤਿਆਰੀ ਦੌਰਾਨ ਤਣਾਅ ਨਾਲ ਨਜਿੱਠਣ ਲਈ ਇੱਥੇ ਕੁਝ ਰਣਨੀਤੀਆਂ ਹਨ, ਅਤੇ ਨਾਲ ਹੀ ਕੰਮ ਕਰਨ ਵਾਲੀਆਂ ਤਕਨੀਕਾਂ: 1। ਇੱਕ ਰੁਟੀਨ ਕੈਲੀਬਰੇਟ ਕਰਨਾ ਜੇਈਈ ਦੀ ਤਿਆਰੀ ਕਰਦੇ ਸਮੇਂ ਇੱਕ ਚੰਗੀ ਤਰ੍ਹਾਂ ਪਰਿਭਾਸ਼ਿਤ ਰੁਟੀਨ ਬਹੁਤ ਜ਼ਰੂਰੀ ਹੈ। ਰੋਜ਼ਾਨਾ ਏਜੰਡੇ 'ਤੇ ਪਹਿਲਾਂ ਤੋਂ ਫਾਰਮੈਟ ਕੀਤਾ ਸਮਾਂ-ਸਾਰਣੀ ਵਿਦਿਆਰਥੀ ਨੂੰ ਇਹ ਪੁਸ਼ਟੀ ਕਰਨ ਵਿੱਚ ਮਦਦ ਕਰੇਗੀ ਕਿ ਉਹ ਸਹੀ ਰਸਤੇ 'ਤੇ ਹਨ ਅਤੇ ਉਨ੍ਹਾਂ ਨੂੰ ਬਹੁਤ ਪ੍ਰੇਰਿਤ ਰੱਖਣਗੇ। ਚੀਜ਼ਾਂ ਨੂੰ ਕਿਵੇਂ ਕਰਨਾ ਹੈ ਦੀ ਇੱਕ ਸਮਾਂ-ਸਾਰਣੀ ਵਿਦਿਆਰਥੀਆਂ ਨੂੰ ਉਹਨਾਂ ਦਾ ਬਿਹਤਰ ਵਿਸ਼ਲੇਸ਼ਣ ਕਰਨ ਅਤੇ ਸਿਲੇਬਸ ਨੂੰ ਪੂਰਾ ਕਰਨ ਵਿੱਚ ਮਦਦ ਕਰ ਸਕਦੀ ਹੈ। 2। ਕਸਰਤ ਯੋਗਾ ਜਾਂ ਕਸਰਤ ਦੇ ਕਿਸੇ ਹੋਰ ਰੂਪ ਨੂੰ ਸ਼ਾਮਲ ਕਰਨਾ ਬਹੁਤ ਹੱਦ ਤੱਕ ਤਣਾਅ ਨੂੰ ਦੂਰ ਕਰਨ ਵਿੱਚ ਮਦਦ ਕਰ ਸਕਦਾ ਹੈ। ਕਸਰਤ ਚੰਗੀ ਮਾਤਰਾ ਵਿੱਚ ਸ਼ਾਂਤੀ ਲਿਆ ਸਕਦੀ ਹੈ। ਧਿਆਨ ਦਾ ਅਭਿਆਸ, ਜੋ ਸਰੀਰ ਵਿੱਚ ਅੰਦਰੂਨੀ ਅਤੇ ਬਾਹਰੀ ਸ਼ਾਂਤੀ ਲਿਆਉਣ ਦਾ ਸਮਾਨਾਰਥੀ ਹੈ, ਜੇਈਈ ਦੀ ਤਿਆਰੀ ਲਈ ਇਕਾਗਰਤਾ ਅਤੇ ਦਿਸ਼ਾ ਵਿੱਚ ਸੁਧਾਰ ਕਰਨ ਵਿੱਚ ਵੀ ਮਦਦ ਕਰੇਗਾ। 3। ਛੋਟੇ ਬ੍ਰੇਕ ਲਗਾਤਾਰ ਘੰਟਿਆਂ ਦਾ ਅਧਿਐਨ ਦਿਮਾਗ ਨੂੰ ਥਕਾ ਸਕਦਾ ਹੈ ਅਤੇ ਜਾਣਕਾਰੀ ਨੂੰ ਜਜ਼ਬ ਕਰਨ ਵਿੱਚ ਇਸਦੀ ਕੁਸ਼ਲਤਾ ਨੂੰ ਘਟਾ ਸਕਦਾ ਹੈ। ਕਾਫ਼ੀ ਗਿਣਤੀ ਵਿੱਚ ਬਰੇਕਾਂ ਦੀ ਲੋੜ ਹੁੰਦੀ ਹੈ ਤਾਂ ਜੋ ਸਮੇਂ ਦੇ ਨਾਲ ਦਿਮਾਗ ਧੁੰਦਲਾ ਨਾ ਹੋਵੇ। ਛੋਟੇ ਬ੍ਰੇਕ ਦਿਮਾਗ ਦੀ ਸਹਿਜਤਾ ਨੂੰ ਮੁੜ ਸੁਰਜੀਤ ਕਰਨ ਵਿੱਚ ਮਦਦ ਕਰ ਸਕਦੇ ਹਨ ਅਤੇ ਨਤੀਜੇ ਵਜੋਂ ਜਾਣਕਾਰੀ ਤੱਕ ਬਿਹਤਰ ਪਹੁੰਚ ਅਤੇ ਸੰਕਲਪਾਂ ਦੀ ਬਿਹਤਰ ਸਮਝ ਪ੍ਰਾਪਤ ਕਰ ਸਕਦੇ ਹਨ। ਇਹ ਵਿਦਿਆਰਥੀਆਂ ਨੂੰ ਉਹਨਾਂ ਦੇ ਦੁਨਿਆਵੀ ਅਧਿਐਨ ਦੇ ਘੰਟਿਆਂ ਵਿੱਚ ਤਾਜ਼ਗੀ ਪੈਦਾ ਕਰਨ ਵਿੱਚ ਮਦਦ ਕਰ ਸਕਦਾ ਹੈ ਅਤੇ ਉਹਨਾਂ ਦੀ ਮਾਨਸਿਕ ਸਮਰੱਥਾ ਅਤੇ ਸਮੇਂ ਸਿਰ ਊਰਜਾ ਵਧਾਉਣ ਵਿੱਚ ਮਦਦ ਕਰ ਸਕਦਾ ਹੈ। 4। ਇੱਕ ਚੰਗੀ-ਸੰਤੁਲਿਤ ਖੁਰਾਕ ਖਾਓ! ਪ੍ਰੀਖਿਆ ਦੀ ਤਿਆਰੀ ਕਰਦੇ ਸਮੇਂ, ਜੰਕ ਫੂਡ ਵਿਕਲਪਾਂ ਤੋਂ ਦੂਰ ਰਹਿਣਾ ਹਮੇਸ਼ਾ ਆਦਰਸ਼ ਹੁੰਦਾ ਹੈ। ਜੰਕ ਫੂਡ ਸਰੀਰ ਵਿੱਚ ਕਿਸੇ ਕਿਸਮ ਦਾ ਪੋਸ਼ਣ ਨਹੀਂ ਜੋੜਦਾ ਅਤੇ ਸਮੁੱਚੀ ਸਿਹਤ ਨੂੰ ਵਿਗਾੜ ਸਕਦਾ ਹੈ। ਪੌਸ਼ਟਿਕ ਤੱਤਾਂ ਨਾਲ ਭਰਪੂਰ ਭੋਜਨ ਖਾਣ ਨਾਲ ਯਾਦ ਸ਼ਕਤੀ ਵਿੱਚ ਸੁਧਾਰ ਹੁੰਦਾ ਹੈ। ਇਹ ਦਿਮਾਗ ਨੂੰ ਨੀਂਦ ਦੇ ਮੋਡ ਵਿੱਚ ਨਹੀਂ ਚਲਾਏਗਾ। ਫਲਾਂ ਅਤੇ ਸਬਜ਼ੀਆਂ ਵਿੱਚ ਵਿਟਾਮਿਨ ਦੀ ਬਹੁਤ ਜ਼ਿਆਦਾ ਮਾਤਰਾ ਹੁੰਦੀ ਹੈ ਅਤੇ ਇਹ ਤੁਹਾਡੀ ਜੇਈਈ ਦੀ ਨਿਰੰਤਰ ਤਿਆਰੀ ਲਈ ਬਾਲਣ ਵਜੋਂ ਕੰਮ ਕਰਨਗੇ। 5। ਚੰਗੀ ਨੀਂਦ ਲਓ! ਜੇਈਈ ਦੀ ਤਿਆਰੀ ਲਈ ਚੰਗੀ ਤਰ੍ਹਾਂ ਤਿਆਰ ਤਿਆਰੀ ਦੀ ਲੋੜ ਹੁੰਦੀ ਹੈ। ਇਸ ਵਿੱਚ ਅਧਿਐਨ ਦੇ ਤੀਬਰ ਘੰਟੇ, ਸੰਕਲਪਾਂ ਨੂੰ ਯਾਦ ਰੱਖਣਾ, ਅਤੇ ਨਾਲ ਨਾਲ, ਸੂਚੀ ਜਾਰੀ ਰਹੇਗੀ! ਹਰ ਵਿਦਿਆਰਥੀ ਅਧਿਐਨ ਕਰਨ ਵਿੱਚ ਲੰਬੇ ਸਮੇਂ ਦਾ ਨਿਵੇਸ਼ ਕਰਦਾ ਹੈ ਪਰ ਇੱਕ ਚੰਗੀ ਨੀਂਦ ਅਨੁਸੂਚੀ ਨੂੰ ਸ਼ਾਮਲ ਕਰਨ ਵਿੱਚ ਅਸਫਲ ਰਹਿੰਦਾ ਹੈ। ਇਹ ਅਸੰਤੁਲਨ ਸਰੀਰ 'ਤੇ ਗੰਭੀਰ ਪ੍ਰਭਾਵ ਪਾ ਸਕਦਾ ਹੈ ਅਤੇ ਤਣਾਅ ਨੂੰ ਅਣਜਾਣ ਸੀਮਾ ਤੱਕ ਵਧਾ ਸਕਦਾ ਹੈ। ਜੇਈਈ ਦੀ ਤਿਆਰੀ ਕਰਦੇ ਸਮੇਂ ਚੰਗੀ ਨੀਂਦ ਇੱਕ ਜ਼ਰੂਰੀ ਲੋੜ ਹੈ। ਇਹ ਦਿਮਾਗ ਅਤੇ ਸਰੀਰ ਨੂੰ ਆਰਾਮ ਪ੍ਰਦਾਨ ਕਰ ਸਕਦਾ ਹੈ ਅਤੇ ਬਿਹਤਰ ਯਾਦਦਾਸ਼ਤ ਰੱਖਣ ਵਿੱਚ ਮਦਦ ਕਰ ਸਕਦਾ ਹੈ। ਇੱਕ ਚੰਗੀ ਤਰ੍ਹਾਂ ਅਰਾਮਦੇਹ ਦਿਮਾਗ ਦੀ ਵਿਆਖਿਆ ਇੱਕ ਤਣਾਅ ਵਾਲੇ ਦਿਮਾਗ ਨਾਲੋਂ ਵਧੇਰੇ ਨਿਰਦੋਸ਼ ਹੈ। 6। ਸਕੇਲੇਬਲ ਟੀਚਾ ਇੱਕ ਟੀਚਾ-ਅਧਾਰਿਤ ਅਧਿਐਨ ਤੁਹਾਡੀ ਜੇਈਈ ਦੀ ਤਿਆਰੀ 'ਤੇ ਪ੍ਰਤੀਬਿੰਬਤ ਕਰਨ ਅਤੇ ਨਿਯੰਤਰਣ ਪ੍ਰਾਪਤ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਹੈ। ਪਰ ਇੱਕ ਟੀਚਾ ਨਿਰਧਾਰਤ ਕਰਨਾ ਜਿਸ ਨੂੰ ਪ੍ਰਾਪਤ ਕਰਨ ਦੀ ਤੁਹਾਡੇ ਕੋਲ ਕੋਈ ਸੰਭਾਵਨਾ ਨਹੀਂ ਹੈ, ਵਿਸ਼ਵਾਸ ਨੂੰ ਪ੍ਰਭਾਵਤ ਕਰ ਸਕਦਾ ਹੈ। ਇੱਕ ਅਪ੍ਰਾਪਤ ਟੀਚਾ ਚਾਹਵਾਨ ਨੂੰ ਮਾਨਸਿਕ ਤੌਰ 'ਤੇ ਥਕਾ ਸਕਦਾ ਹੈ ਅਤੇ ਬਦਲੇ ਵਿੱਚ, ਉਨ੍ਹਾਂ ਨੂੰ ਆਪਣੇ ਆਪ ਨੂੰ ਨੀਵਾਂ ਸਮਝੇਗਾ। ਛੋਟੇ ਟੀਚਿਆਂ ਨੂੰ ਚਾਰਟ ਕਰਨ ਨਾਲ ਉਹਨਾਂ ਨੂੰ ਵਿਸ਼ਵਾਸ ਦੀ ਭਾਵਨਾ ਪ੍ਰਾਪਤ ਕਰਨ ਵਿੱਚ ਮਦਦ ਮਿਲੇਗੀ; ਛੋਟੇ ਕਦਮ ਵੱਡੀ ਤਸਵੀਰ ਨੂੰ ਰੌਸ਼ਨ ਬਣਾ ਸਕਦੇ ਹਨ। 7। ਮਾਤਰਾ ਵੱਧ ਗੁਣਵੱਤਾ! ਇੱਕ ਚਾਹਵਾਨ ਨੂੰ ਤਿਆਰੀ ਨੂੰ ਪਰਿਭਾਸ਼ਿਤ ਨਹੀਂ ਕਰਨਾ ਚਾਹੀਦਾ ਹੈਮਾਤਰਾ ਦੀਆਂ ਸ਼ਰਤਾਂ ਕੋਸ਼ਿਸ਼ਾਂ ਨੂੰ ਮਾਪਣਾ ਕੋਈ ਸਵੈ-ਸੰਤੁਸ਼ਟੀ ਨਹੀਂ ਦੇਵੇਗਾ; ਇਹ ਵਿਸ਼ਵਾਸ ਨੂੰ ਨਿਰਾਸ਼ ਕਰ ਸਕਦਾ ਹੈ। ਲੰਬੇ ਅਧਿਐਨ ਦੇ ਘੰਟਿਆਂ ਬਾਰੇ ਸ਼ੇਖ਼ੀ ਮਾਰਨ ਨਾਲ ਤੁਹਾਨੂੰ ਕੋਈ ਮੁਕਾਬਲਾਤਮਕ ਲਾਭ ਨਹੀਂ ਮਿਲੇਗਾ। ਇੱਕ ਚੰਗੀ ਤਿਆਰੀ ਦਰਸਾਉਂਦੀ ਹੈ ਕਿ ਚਾਹਵਾਨ ਨੇ ਸੰਕਲਪਿਕ ਗਿਆਨ ਨੂੰ ਕਿੰਨੀ ਚੰਗੀ ਤਰ੍ਹਾਂ ਜਜ਼ਬ ਕੀਤਾ ਹੈ। 12 ਘੰਟੇ ਦਾ ਲੰਬਾ ਅਧਿਐਨ ਕੁਝ ਵੀ ਨਹੀਂ ਹੈ ਜੇਕਰ ਇਮਤਿਹਾਨ ਪ੍ਰੀਖਿਆ ਵਿੱਚ ਉਸੇ ਤਰ੍ਹਾਂ ਦਾ ਜਵਾਬ ਨਹੀਂ ਦੇ ਸਕਦਾ ਹੈ। 8। ਸਹੀ ਅਧਿਐਨ ਸਮੱਗਰੀ ਜੇਈਈ ਦੀ ਤਿਆਰੀ ਵਿੱਚ ਅਧਿਐਨ ਸਮੱਗਰੀ ਮੁੱਖ ਭੂਮਿਕਾ ਨਿਭਾਉਂਦੀ ਹੈ। ਬਜ਼ਾਰ ਵਿੱਚ ਵੱਖ-ਵੱਖ ਪ੍ਰਕਾਸ਼ਨਾਂ ਵਿੱਚ ਬਹੁਤ ਸਾਰੀਆਂ ਅਧਿਐਨ ਸਮੱਗਰੀ ਉਪਲਬਧ ਹਨ, ਜੋ ਕਿ ਸਭ ਤੋਂ ਪ੍ਰਭਾਵਸ਼ਾਲੀ ਸਮੱਗਰੀ ਦੀ ਚੋਣ ਕਰਨਾ ਇੱਕ ਹੋਰ ਵੀ ਮੁਸ਼ਕਲ ਕੰਮ ਬਣਾਉਂਦੀ ਹੈ। ਅਜਿਹੀ ਸਥਿਤੀ ਵਿੱਚ, ਉਹਨਾਂ ਵਿਦਿਆਰਥੀਆਂ ਤੋਂ ਸਿਫ਼ਾਰਸ਼ਾਂ ਲੈਣ ਲਈ ਆਦਰਸ਼ ਹੋਵੇਗਾ ਜੋ ਪਹਿਲਾਂ ਜੇਈਈ ਪ੍ਰੀਖਿਆ ਦੇ ਚੁੱਕੇ ਹਨ। ਉਹ ਵਧੀਆ ਪ੍ਰਕਾਸ਼ਨ ਪ੍ਰਾਪਤ ਕਰਨ ਵਿੱਚ ਤੁਹਾਡੀ ਅਗਵਾਈ ਕਰ ਸਕਦੇ ਹਨ ਜੋ ਜੇਈਈ ਦੀ ਸਹਿਜ ਤਿਆਰੀ ਵਿੱਚ ਮਦਦ ਕਰਨਗੇ।

ਜੇਈਈ ਸਮੱਗਰੀ ਖਰੀਦਣ ਤੋਂ ਪਹਿਲਾਂ, ਸਮੱਗਰੀ 'ਤੇ ਤੁਰੰਤ ਨਜ਼ਰ ਮਾਰਨਾ ਅਤੇ ਇਹ ਸਮਝਣਾ ਚੰਗਾ ਹੋਵੇਗਾ ਕਿ ਕੀ ਤੁਸੀਂ ਸੰਕਲਪਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪਾਲਣ ਕਰਨ ਦੇ ਯੋਗ ਹੋ ਜਾਂ ਨਹੀਂ। ਤੁਸੀਂ ਕੇਰਲਾ ਵਿੱਚ ਵਧੀਆ ਇੰਜਨੀਅਰਿੰਗ ਪ੍ਰਵੇਸ਼ ਦੁਆਰ ਕੋਚਿੰਗ ਕੇਂਦਰਾਂ ਦੁਆਰਾ ਪ੍ਰਦਾਨ ਕੀਤੀ ਅਧਿਐਨ ਸਮੱਗਰੀ ਦੀ ਵਰਤੋਂ ਵੀ ਕਰ ਸਕਦੇ ਹੋ। 9। ਸੰਸ਼ੋਧਨ ਜੇਈਈ ਦੀ ਤਿਆਰੀ ਦੌਰਾਨ ਤਣਾਅ ਨੂੰ ਕਿਵੇਂ ਹਰਾਇਆ ਜਾਵੇ ਇਸ ਬਾਰੇ ਇੱਕ ਵਧੀਆ ਸੰਸ਼ੋਧਨ ਇੱਕ ਵਧੀਆ ਸੁਝਾਅ ਹੈ। ਇਹ ਤੁਹਾਡੀ ਤਿਆਰੀ ਨੂੰ ਸਕਾਰਾਤਮਕ ਤੌਰ 'ਤੇ ਪ੍ਰਭਾਵਿਤ ਕਰ ਸਕਦਾ ਹੈ। ਇਹ ਤੁਹਾਡੀਆਂ ਸ਼ਕਤੀਆਂ ਅਤੇ ਕਮਜ਼ੋਰੀਆਂ ਦਾ ਵਿਸ਼ਲੇਸ਼ਣ ਕਰਨ ਵਿੱਚ ਤੁਹਾਡੀ ਮਦਦ ਕਰ ਸਕਦਾ ਹੈ। ਕਮਜ਼ੋਰੀਆਂ ਨੂੰ ਸਮਝਣਾ ਤੁਹਾਨੂੰ ਉਨ੍ਹਾਂ ਖੇਤਰਾਂ 'ਤੇ ਵਧੇਰੇ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰੇਗਾ ਅਤੇ ਉਨ੍ਹਾਂ ਕਮਜ਼ੋਰ ਬਿੰਦੂਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਤਿਆਰ ਕਰਨ ਵਿੱਚ ਵੀ ਮਦਦ ਕਰੇਗਾ। 10। ਦੋਸਤਾਂ ਅਤੇ ਪਰਿਵਾਰ ਨਾਲ ਸੰਚਾਰ ਚਾਹਵਾਨਾਂ ਨੂੰ ਜੇਈਈ ਦੀ ਤਿਆਰੀ ਵਿੱਚ ਆਪਣੇ ਆਪ ਨੂੰ ਗੁਆਉਣਾ ਨਹੀਂ ਚਾਹੀਦਾ। ਉਹਨਾਂ ਨੂੰ ਦੋਸਤਾਂ ਅਤੇ ਪਰਿਵਾਰ ਦੇ ਨਾਲ ਲਗਾਤਾਰ ਸੰਪਰਕ ਵਿੱਚ ਰਹਿਣ ਅਤੇ ਕਿਸੇ ਵੀ ਮੁਸ਼ਕਲ ਦੇ ਸਮੇਂ ਸੰਚਾਰ ਕਰਨ ਦੀ ਲੋੜ ਹੁੰਦੀ ਹੈ। ਕਈ ਵਾਰ ਜਦੋਂ ਚਾਹਵਾਨ ਨੈਤਿਕ ਤੌਰ 'ਤੇ ਸਮਝੌਤਾ ਮਹਿਸੂਸ ਕਰਦੇ ਹਨ, ਤਾਂ ਉਹਨਾਂ ਦੇ ਪਰਿਵਾਰ ਉਹਨਾਂ ਦੇ ਮਨੋਦਸ਼ਾ ਨੂੰ ਉੱਚਾ ਚੁੱਕਣ ਅਤੇ ਉਹਨਾਂ ਦੇ ਆਤਮ-ਵਿਸ਼ਵਾਸ ਨੂੰ ਵਧਾਉਣ ਵਿੱਚ ਉਹਨਾਂ ਦੀ ਮਦਦ ਕਰ ਸਕਦੇ ਹਨ।


NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1



ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada



ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਭਾਰਤੀ ਮੂਲ ਦੀ ਪ੍ਰੋਫੈਸਰ ਨੇ ਕਾਲਜ ਉਪਰ ਲਾਏ ਭੇਦਭਾਵ ਦੇ ਦੋਸ਼, ਪਟੀਸ਼ਨ ਦਾਇਰ

ਸੈਕਰਾਮੈਂਟੋ (ਕੈਲੀਫੋਰਨੀਆ), 12 ਮਾਰਚ (ਹੁਸਨ ਲੜੋਆ ਬੰਗਾ)- ਭਾਰਤੀ ਮੂਲ ਦੀ ਅਮਰੀਕਨ ਔਰਤ ਜੋ ਬਾਬਸਨ ਕਾਲਜ ਵਿਚ ਪ੍ਰੋਫੈਸਰ ਵਜੋਂ ਕੰਮ ਕਰ ਰਹੀ ਹੈ, ਨੇ ਦਾਇਰ ਪਟੀਸ਼ਨ ਵਿਚ ਕਾਲਜ ਉਪਰ ਲਿੰਗ ਅਧਾਰਤ ਤੇ ਨਸਲੀ ਭੇਦਭਾਵ ਕਰਨ ਦੇ ਦੋਸ਼ ਲਾਏ ਹਨ।



ਬੋਸਟਨ ਗਲੋਬ ਦੀ ਰਿਪੋਰਟ ਅਨੁਸਾਰ ਲਕਸ਼ਮੀ ਬਾਲਾਚੰਦਰ ਜੋ ਬਾਬਸਨ ਕਾਲਜ ਵਿਚ ਐਂਟਰਾਪ੍ਰੀਨਿਓਰਸ਼ਿਪ ਦੀ ਐਸੋਸੀਏਟ ਪ੍ਰੋਫਸਰ ਹੈ, ਨੇ ਯੂ ਐਸ ਡਿਸਟ੍ਰਿਕਟ ਕੋਰਟ ਬੋਸਟਨ ਵਿਚ ਦਾਇਰ ਪਟੀਸ਼ਨ ਵਿੱਚ ਦੋਸ਼ ਲਾਇਆ ਹੈ ਕਿ ਉਸ ਦੇ ਖੋਜ਼ ਰਿਕਾਰਡ, ਵਿਖਾਈ ਦਿਲਚਸਪੀ ਤੇ ਕਾਲਜ ਪ੍ਰਤੀ ਸੇਵਾਵਾਂ ਦੇ ਬਾਵਜੂਦ ਉਸ ਨੂੰ ਲੀਡਰਸ਼ਿੱਪ ਅਹੁੱਦਾ ਦੇਣ ਤੇ ਖੋਜ਼ ਦੇ ਹੋਰ ਮੌਕੇ ਦੇਣ ਤੋਂ ਇਨਕਾਰ ਕਰ ਦਿੱਤਾ ਗਿਆ। ਉਸ ਨੇ ਦੋਸ਼ ਲਾਇਆ ਹੈ ਕਿ ਕਾਲਜ ਗੋਰਿਆਂ ਤੇ ਮਰਦਾਂ ਨੂੰ ਤਰਜੀਹ ਦਿੰਦਾ ਹੈ ਤੇ ਪੁਰਸਕਾਰਾਂ ਉਪਰ ਉਨਾਂ ਦਾ ਏਕਧਿਕਾਰ ਬਣਾ ਦਿੱਤਾ ਗਿਆ ਹੈ। ਉਸ ਨੇ ਕਿਹਾ ਹੈ ਕਿ ਕਾਲਜ ਦੇ ਰਵਈਏ ਕਾਰਨ ਉਸ ਕੋਲੋਂ ਕਈ ਕਰੀਅਰ ਅਵਸਰ ਖੁਸ ਗਏ ਹਨ ਤੇ ਉਸ ਨੂੰ ਆਰਥਕ ਨੁਕਸਾਨ ਝਲਣਾ ਪਿਆ ਹੈ।

# ਅਮਰੀਕਾ ਵਿਚ ਪੁਲਿਸ ਨਾਲ ਹੋਏ ਮੁਕਾਬਲੇ ਦੌਰਾਨ ਸ਼ੱਕੀ ਦੀ ਮੌਤ, 3 ਪੁਲਿਸ ਅਫਸਰ ਜ਼ਖਮੀ

ਸੈਕਰਾਮੈਂਟੋ, (ਕੈਲੀਫੋਰਨੀਆ) 12 ਮਾਰਚ (ਹੁਸਨ ਲੜੋਆ ਬੰਗਾ)-ਲਾਸ ਏਂਜਲਸ ਪੁਲਿਸ ਵਿਭਾਗ ਦੇ 3 ਅਫਸਰ ਉਸ ਵੇਲੇ ਜ਼ਖਮੀ ਹੋ ਗਏ ਜਦੋਂ ਉਹ ਪੈਰੋਲ ਉਪਰ ਰਿਹਾਅ ਹੋਏ ਇਕ ਸ਼ੱਕੀ ਦੀ ਭਾਲ ਵਿਚ ਸਨ। ਲਾਸ ਏਂਜਲਸ ਪੁਲਿਸ ਵਿਭਾਗ ਦੇ ਕਮਾਂਡਰ ਸਟੇਸੀ ਸਪੈਲ ਨੇ ਕਿਹਾ ਹੈ ਕਿ ਸ਼ੱਕੀ ਵਿਅਕਤੀ ਇਕ ਸ਼ੈਡ ਵਿਚ ਲੁੱਕਿਆ ਹੋਇਆ ਸੀ। ਪੁਲਿਸ ਅਫਸਰਾਂ ਨੇ ਉਸ ਨੂੰ ਬਾਹਰ ਆਉਣ ਲਈ ਕਿਹਾ ਪਰੰਤੂ ਸ਼ੱਕੀ ਨੇ ਬਾਹਰ ਆਉਣ ਦੀ ਬਜਾਏ ਪੁਲਿਸ ਉਪਰ ਗੋਲੀ ਚਲਾ ਦਿੱਤੀ ਜਿਸ ਦੌਰਾਨ 3 ਪੁਲਿਸ ਅਫਸਰ ਜ਼ਖਮੀ ਹੋ ਗਏ।



ਪੁਲਿਸ ਅਫਸਰਾਂ ਵੱਲੋਂ ਜਵਾਬੀ ਕਾਰਵਾਈ ਕੀਤੀ ਗਈ। ਇਸ ਦੌਰਾਨ ਸ਼ੱਕੀ ਵਿਅਕਤੀ ਵੀ ਮਾਰਿਆ ਗਿਆ। ਸਪੈਲ ਨੇ ਕਿਹਾ ਹੈ ਕਿ ਅਜੇ ਇਹ ਸਪੱਸ਼ਟ ਨਹੀਂ ਹੈ ਕਿ ਸ਼ੱਕੀ ਦੀ ਮੌਤ ਕਿਸ ਤਰਾਂ ਹੋਈ ਹੈ। ਜ਼ਖਮੀ ਪੁਲਿਸ ਅਫਸਰਾਂ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਹੈ ਜਿਥੇ ਉਨਾਂ ਦੀ ਹਾਲਤ ਸਥਿੱਰ ਦਸੀ ਜਾਂਦੀ ਹੈ। ਪੁਲਿਸ ਵਿਭਾਗ ਦੇ ਅਸਿਸਟੈਂਟ ਚੀਫ ਅਲਫਰੈਡ ਲਬਰਾਡਾ ਅਨੁਸਾਰ ਕਿੰਨੇ ਪੁਲਿਸ ਅਫਸਰਾਂ ਨੇ ਜਵਾਬੀ ਕਾਰਵਾਈ ਦੌਰਾਨ ਗੋਲੀਆਂ ਚਲਾਈਆਂ, ਇਹ ਅਜੇ ਜਾਂਚ ਦਾ ਵਿਸ਼ਾ ਹੈ।












## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

June 24 1990, Height: 5 feet 7inches, Study: Bachelor of Nursing, Occupation: Registered Nurse (RN) Job: Employed at Brampton Civic Hospital, Boy should be preferably in Ludhiana district and Brampton, Jatt Sikh, No drugs or alcohol, Contact : 647-388-1992

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com
















### ਕੋਟਕਪੂਰਾ ਗੋਲੀ ਕਾਂਡ:

## ਆਉਣ ਵਾਲੇ ਤਿੰਨ ਵੀਰਵਾਰ ਨੂੰ ਕੋਈ ਵੀ ਵਿਅਕਤੀ ਐਸਆਈਟੀ ਨਾਲ ਜਾਣਕਾਰੀ ਕਰ ਸਕਦਾ ਹੈ ਸਾਂਝੀ

*** ਐਸਆਈਟੀ ਹੈਡ ਏਡੀਜੀਪੀ ਐਲਕੇ ਯਾਦਵ 16, 23 ਅਤੇ 30 ਮਾਰਚ ਨੂੰ ਸਵੇਰੇ 10:30 ਵਜੇ ਤੋਂ ਦੁਪਹਿਰ 1:30 ਵਜੇ ਤੱਕ ਆਪਣੇ ਚੰਡੀਗੜ੍ਹ ਦਫਤਰ ਵਿਖੇ ਲੋਕਾਂ ਨਾਲ ਕਰਨਗੇ ਮੁਲਾਕਾਤ**

ਚੰਡੀਗੜ੍ਹ, 12 ਮਾਰਚ (ਪੋਸਟ ਬਿਊਰੋ): ਕੋਟਕਪੂਰਾ ਗੋਲੀ ਕਾਂਡ ਦੀ ਜਾਂਚ ਅੰਤਮ ਪੜਾਅ 'ਤੇ ਪਹੁੰਚਣ ਦੇ ਨਾਲ, ਏਡੀਜੀਪੀ ਐਲਕੇ ਯਾਦਵ ਦੀ ਅਗਵਾਈ ਵਾਲੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਨੇ ਅੱਜ ਕਿਹਾ ਕਿ ਜੇਕਰ ਕਿਸੇ ਵਿਅਕਤੀ ਕੋਲ ਇਸ ਕੇਸ ਨਾਲ ਸਬੰਧਤ ਕੋਈ ਢੁਕਵੀਂ ਜਾਣਕਾਰੀ ਹੈ, ਜਿਸ ਨਾਲ ਕੇਸ 'ਤੇ ਪ੍ਰਭਾਵ ਪੈ ਸਕਦਾ ਹੈ, ਤਾਂ ਉਹ ਵਿਅਕਤੀ ਨਿੱਜੀ ਤੌਰ 'ਤੇ ਉਨ੍ਹਾਂ ਨਾਲ ਪੁਲਿਸ ਹੈੱਡਕੁਆਰਟਰ, ਸੈਕਟਰ 9-ਸੀ, 6ਵੀਂ ਮੰਜ਼ਿਲ ਵਿਖੇ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਆਉਣ ਵਾਲੇ ਤਿੰਨ ਵੀਰਵਾਰ ਭਾਵ 16 ਮਾਰਚ, 23 ਮਾਰਚ ਅਤੇ 30 ਮਾਰਚ, 2023 ਨੂੰ ਸਵੇਰੇ 10।30 ਵਜੇ ਤੋਂ ਦੁਪਹਿਰ 1।30 ਵਜੇ ਤੱਕ ਮੁਲਾਕਾਤ ਕਰ ਸਕਦੇ ਹਨ। ਦੱਸਣਯੋਗ ਹੈ ਕਿ ਕੋਟਕਪੂਰਾ ਗੋਲੀ ਕਾਂਡ 14 ਅਕਤੂਬਰ, 2015 ਨੂੰ ਵਾਪਰਿਆ ਸੀ।

ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਇਸ ਸਬੰਧੀ ਵਟਸਐਪ ਨੰਬਰ 9875983237 'ਤੇ ਮੈਸੇਜ ਭੇਜ ਕੇ ਜਾਂ ਈਮੇਲ ਰਾਹੀਂ ਵੀ ਜਾਣਕਾਰੀ ਸਾਂਝੀ ਕਰ ਸਕਦਾ ਹੈ। ਉਹਨਾਂ ਅੱਗੇ ਕਿਹਾ ਕਿ ਇਸ ਪੜਾਅ 'ਤੇ, ਕਿਸੇ ਵੀ ਜ਼ਿੰਮੇਵਾਰ ਵਿਅਕਤੀ ਵੱਲੋਂ ਦਿੱਤੀ ਗਈ ਕੋਈ ਵੀ ਇਨਪੁਟ/ਜਾਣਕਾਰੀ ਐਸ।ਆਈ।ਟੀ। ਲਈ ਜਾਂਚ ਦੌਰਾਨ ਕਾਨੂੰਨੀ ਪ੍ਰਕਿਰਿਆ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਵਿੱਚ ਬਹੁਤ ਮਦਦਗਾਰ ਸਾਬਤ ਹੋ ਸਕਦੀ ਹੈ।

ਏਡੀਜੀਪੀ ਨੇ ਐਸਆਈਟੀ ਨੂੰ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਵਿੱਚ ਪੰਜਾਬ ਦੇ ਲੋਕਾਂ ਵੱਲੋਂ ਐਸਆਈਟੀ ਨੂੰ ਦਿੱਤੇ ਸਹਿਯੋਗ ਲਈ ਉਹਨਾਂ ਦਾ ਧੰਨਵਾਦ ਵੀ ਕੀਤਾ। ਉਨ੍ਹਾਂ ਕਿਹਾ ਕਿ ਕੋਟਕਪੂਰਾ ਗੋਲੀ ਕਾਂਡ ਨਾਲ ਜੁੜੀ ਜਾਂਚ ਦੀ ਕਾਨੂੰਨੀ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਦੇ ਲੋਕਾਂ ਨੇ ਅਹਿਮ ਭੂਮਿਕਾ ਨਿਭਾਈ ਹੈ।

ਜ਼ਿਕਰਯੋਗ ਹੈ ਕਿ ਕੋਟਕਪੂਰਾ ਗੋਲੀ ਕਾਂਡ ਦੀ ਜਾਂਚ ਲਈ ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦੇ ਨਿਰਦੇਸ਼ਾਂ 'ਤੇ ਸੂਬਾ ਸਰਕਾਰ ਨੇ ਏਡੀਜੀਪੀ ਐਲਕੇ ਯਾਦਵ, ਆਈਜੀ ਰਾਕੇਸ਼ ਅਗਰਵਾਲ ਅਤੇ ਐਸਐਸਪੀ ਮੋਗਾ ਗੁਲਨੀਤ ਸਿੰਘ ਖੁਰਾਣਾ ਸਮੇਤ ਤਿੰਨ ਸੀਨੀਅਰ ਅਧਿਕਾਰੀਆਂ ਵਾਲੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦਾ ਗਠਨ ਕੀਤਾ ਸੀ। ਐਸ।ਆਈ।ਟੀ। ਵੱਲੋਂ 24 ਫਰਵਰੀ 2023 ਨੂੰ ਅਦਾਲਤ ਵਿੱਚ ਆਪਣਾ ਪਹਿਲਾ ਚਲਾਨ ਪੇਸ਼ ਕੀਤਾ ਗਿਆ ਸੀ।

## ਭਗਵੰਤ ਮਾਨ ਸਰਕਾਰ ਨੇ ਆਪਣੇ ਦੂਸਰੇ ਬਜਟ ਰਾਹੀਂ ਹਰ ਵਰਗ ਨੂੰ ਸਨਮਾਨ ਦਿੱਤਾ : ਡਾ: ਬਲਜੀਤ ਕੌਰ

***ਪੰਜਾਬ ਸਰਕਾਰ ਇਮਾਨਦਾਰ ਕਾਰਜ-ਪ੍ਰਣਾਲੀ ਸਦਕਾ ਸਕਾਲਰਸ਼ਿਪ ਸਕੀਮ ਵਧੀਆ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨ ਲਈ ਹਾਸਲ ਹੋਈ ਪੰਜਵੀਂ ਪੁਜੀਸ਼ਨ**

ਚੰਡੀਗੜ੍ਹ, 12 ਮਾਰਚ (ਪੋਸਟ ਬਿਊਰੋ): ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਅਤੇ ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ। ਬਲਜੀਤ ਕੌਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਵਿੱਤ ਮੰਤਰੀ ਵੱਲੋਂ ਵਿਧਾਨ ਸਭਾ ਵਿੱਚ ਲੋਕ ਹਿੱਤ ਵਾਲਾ ਬਜਟ ਪੇਸ਼ ਕਰਨ ਤੇ ਧੰਨਵਾਦ ਕੀਤਾ ਤੇ ਕਿਹਾ ਕਿ ਇਸ ਬਜਟ ਨਾਲ ਹਰ ਵਰਗ ਦੇ ਜੀਵਨ ਵਿੱਚ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ।



ਉਹਨਾ ਕਿਹਾ ਕਿ ਸਮਾਜਿਕ ਸੁਰੱਖਿਆਂ ਵਿਭਾਗ ਪੰਜਾਬ ਰਾਜ ਦੇ ਹਰ ਇਕ ਬਾਸ਼ਿੰਦੇ ਤੱਕ ਪਹੁੰਚ ਰੱਖਣ ਵਾਲਾ ਮਹਿਕਮਾ ਹੈ, ਜਦਕਿ ਸਮਾਜਿਕ ਨਿਆਂ ਵਿਭਾਗ ਸਦੀਆਂ ਤੋਂ ਲਿਤਾੜੇ ਹੋਏ ਲੋਕਾਂ ਨੂੰ ਭਾਰਤ ਦੇ ਸੰਵਿਧਾਨ ਵਲੋਂ ਮਿਲੇ ਹੋਏ ਅਧਿਕਾਰਾਂ ਦਾ ਮਿਲਣਾ ਯਕੀਨੀ ਬਣਾਉਦਾ ਹੈ। ਡਾ. ਬਲਜੀਤ ਕੌਰ ਨੇ ਕਿਹਾ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਸਮਾਜਿਕ ਨਿਆਂ ਵਿਭਾਗ ਨੇ ਆਪਣੇ ਵੱਲੋਂ ਪੂਰਨ ਤੌਰ ਤੇ ਲੋਕਾਂ ਨੂੰ ਨਿਆਂ ਦਿਵਾਉਣ ਦਾ ਕੰਮ ਇੱਕ ਸਾਲ ਵਿੱਚ ਕੀਤਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਮੈਟ੍ਰਿਕ ਸਕਾਲਰਸ਼ਿਪ ਸਕੀਮ ਜੋ ਪਿਛਲੇ ਕਈ ਸਾਲਾਂ ਤੋਂ ਵਿਵਾਦਾਂ ਦੇ ਘੇਰੇ ਵਿੱਚ ਸੀ। ਉਨ੍ਹਾਂ ਕਿਹਾ ਕਿ ਪਿਛਲੀਆਂ ਲੋਟੂ ਸਰਕਾਰਾਂ ਦੀ ਲੁੱਟ ਕਾਰਨ ਸਕਾਲਰਸ਼ਿਪ ਉਤੇ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਕੀਮਤੀ ਸਮਾਂ ਬਹੁਤ ਬਰਬਾਦ ਹੋਣ ਤੋਂ ਇਲਾਵਾ ਉਨ੍ਹਾਂ ਨੂੰ ਆਪਣੀਆਂ ਡਿਗਰੀਆਂ ਹਾਸਲ ਕਰਨ ਲਈ ਦਰ ਦਰ ਦੀਆਂ ਠੋਕਰਾਂ ਖਾਣੀਆਂ ਪਈਆਂ ਸਨ ਜਦਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸ਼ਡਿਊਲਡ ਕਾਸਟ ਵਿਦਿਆਰਥੀਆਂ ਲਈ ਇਸ ਸਕੀਮ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਲਾਗੂ ਕੀਤਾ ਅਤੇ ਨਾਲ ਹੀ ਵਧੀਆ ਢੰਗ ਨਾਲ ਸਕੀਮ ਚਲਾਉਣ ਲਈ ਦੇਸ਼ ਭਰ ਵਿਚ ਪੰਜਵਾਂ ਸਥਾਨ ਵੀ ਹਾਸਲ ਕੀਤਾ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਬੀ।ਆਰ। ਅੰਬੇਡਕਰ ਪੋਰਟਲ ਖੋਲਿਆ ਗਿਆ। ਜਿਸ ਤੇ ਵਿਦਿਆਰਥੀ ਆਨ ਲਾਈਨ ਅਪਲਾਈ ਕਰਕੇ ਸਕੀਮ ਦਾ ਲਾਭ ਲੈ ਸਕਦੇ ਹਨ। ਇਹ ਪੋਰਟਲ ਸਾਰਾ ਸਾਲ ਖੁਲਿਆ ਰਿਹਾ, ਜਿਹੜੀ ਸਕੀਮ ਪਿਛਲੇ ਸਾਲਾਂ ਦੌਰਾਨ ਡੁਬਦੀ ਨਜ਼ਰ ਆ ਰਹੀ ਸੀ, ਇਸ ਸਾਲ ਇਸ ਪੋਰਟਲ ਤੇ 2 ਲੱਖ 20 ਹਜ਼ਾਰ ਤੋਂ ਉਪਰ ਵਿਦਿਆਰਥੀਆਂ ਰਜਿਸ਼ਟਰ ਹੋ ਚੁੱਕੇ ਹਨ।

ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਅਸ਼ੀਰਵਾਦ ਸਕੀਮ ਨੂੰ ਸਿਰਫ ਵਾਹੋਵਾਹੀ ਖੱਟਣ ਦਾ ਹੀ ਸਾਧਨ ਸਮਝ ਰੱਖਿਆ ਸੀ ਜਦੋਂ ਭਗਵੰਤ ਮਾਨ ਸਰਕਾਰ ਹੋਂਦ ਵਿੱਚ ਆਈ ਸੀ ਤਾਂ ਉਸ ਦਿਨ ਤੋਂ ਬਾਅਦ ਸਹੀ ਮਾਅਨਿਆਂ ਵਿੱਚ ਇਸ ਸਕੀਮ ਅਧੀਨ 51,000 ਸ਼ਗਨ ਦਿੱਤਾ ਜਾਣ ਲੱਗਾ । ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਪਿਛਲੀਆਂ ਸਰਕਾਰਾਂ ਸਮੇਂ 35000 ਤੋਂ ਵੱਧ ਬੱਚੀਆ ਦੇ ਪੈਡਿੰਗ ਪਏ ਮਾਮਲਿਆਂ ਦਾ ਨਿਪਟਾਰਾ ਕੀਤਾ । ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਹੁਣ ਤੱਕ 175 ਕਰੋੜ ਦੀ ਰਾਸ਼ੀ ਅਸ਼ੀਰਵਾਦ ਸਕੀਮ ਅਧੀਨ ਜਾਰੀ ਕੀਤੀ ਹੈ।

ਉਨ੍ਹਾਂ ਵਿੱਤ ਮੰਤਰੀ ਦਾ ਪੋਸਟ ਮੈਟ੍ਰਿਕ ਸਕੀਮ ਅਤੇ ਆਦਰਸ਼ ਗ੍ਰਾਮ ਯੋਜਨਾ ਲਈ 850 ਕਰੋੜ ਦਾ ਪ੍ਰਸਤਾਵ ਰੱਖਣ ਤੇ ਧੰਨਵਾਦ ਕਰਦਿਆ ਕਿਹਾ ਕਿ ਆਦਰਸ਼ ਗ੍ਰਾਮ ਯੋਜਨਾ ਵਿੱਚ ਉਨ੍ਹਾਂ ਪਿੰਡਾਂ ਵਿੱਚ ਸਹੂਲਤਾਂ ਪ੍ਰਦਾਨ ਕਰਦੇ ਹਾਂ ਜਿਨ੍ਹਾਂ ਦੀ ਅਨੁਸੂਚਿਤ ਜਾਤੀ ਆਬਾਦੀ 50 ਫੀਸਦੀ ਹੈ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਵਰਕਰਾਂ ਦੀ 5700 ਦੇ ਕਰੀਬ ਭਰਤੀ ਦੀ ਪ੍ਰਕਿਰਿਆ ਚੱਲ ਰਹੀ ਹੈ। ਉਨ੍ਹਾਂ ਦੱਸਿਆ ਕਿ ਆਂਗਣਵਾੜੀ ਵਰਕਰਾਂ ਦੀ ਬਦਲੀਆਂ ਸਬੰਧੀ ਨੀਤੀ ਦੀ ਅਣਹੋਂਦ ਕਾਰਨ ਪਿਛਲੇ 20 ਸਾਲਾਂ ਤੋ ਆਂਗਣਵਾੜੀ ਵਰਕਰਾਂ ਨੂੰ ਬਹੁਤ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ ਜਿਸ ਨੂੰ ਸਾਡੀ ਸਰਕਾਰ ਨੇ ਖ਼ਤਮ ਕੀਤਾ ਹੈ। ਜਿਸ ਕਾਰਨ ਅੱਜ ਆਂਗਣਵਾੜੀ ਵਰਕਰ ਆਪਣੇ ਘਰਾਂ ਦੇ ਨੇੜੇ ਕੰਮ ਕਰ ਰਹੀਆਂ ਹਨ।

## ਕੇਂਦਰ ਸਰਕਾਰ ਨੇ ਸਮਲਿੰਗੀ ਵਿਆਹ ਨੂੰ ਮਾਨਤਾ ਦੇਣ ਦਾ ਕੀਤਾ ਵਿਰੋਧ

*** ਸੁਪਰੀਮ ਕੋਰਟ 'ਚ ਦਾਇਰ ਕੀਤਾ ਹਲਫਨਾਮਾ**

ਨਵੀਂ ਦਿੱਲੀ, 12 ਮਾਰਚ (ਪੋਸਟ ਬਿਊਰੋ): ਕੇਂਦਰ ਸਰਕਾਰ ਨੇ ਸਮਲਿੰਗੀ ਵਿਆਹ ਨੂੰ ਮਨਜ਼ੂਰੀ ਦੇਣ ਵਾਲੀਆਂ ਪਟੀਸ਼ਨਾਂ ਦਾ ਵਿਰੋਧ ਕੀਤਾ ਹੈ। ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਵਿੱਚ ਜਵਾਬ ਦਾਇਰ ਕਰਕੇ ਸਾਰੀਆਂ 15 ਪਟੀਸ਼ਨਾਂ ਦਾ ਵਿਰੋਧ ਕੀਤਾ ਹੈ। ਕੇਂਦਰ ਨੇ ਕਿਹਾ ਕਿ ਸਮਲਿੰਗੀ ਵਿਆਹ ਨੂੰ ਮਨਜ਼ੂਰੀ ਨਹੀਂ ਦਿੱਤੀ ਜਾ ਸਕਦੀ। ਇਹ ਭਾਰਤੀ ਪਰਿਵਾਰ ਦੀ ਧਾਰਨਾ ਦੇ ਵਿਰੁੱਧ ਹੈ। ਪਰਿਵਾਰ ਦੀ ਧਾਰਨਾ ਵਿੱਚ ਪਤੀ-ਪਤਨੀ ਅਤੇ ਉਨ੍ਹਾਂ ਤੋਂ ਪੈਦਾ ਹੋਏ ਬੱਚੇ ਸ਼ਾਮਲ ਹੁੰਦੇ ਹਨ। ਸਾਥੀਆਂ ਦੇ ਤੌਰ 'ਤੇ ਇਕੱਠੇ ਰਹਿਣਾ ਅਤੇ ਸਮਲਿੰਗੀ ਵਿਅਕਤੀਆਂ ਨਾਲ ਸੰਭੋਗ ਕਰਨਾ ਪਤੀ, ਪਤਨੀ ਅਤੇ ਬੱਚਿਆਂ ਦੀ ਭਾਰਤੀ ਪਰਿਵਾਰਕ ਇਕਾਈ ਦੀ ਧਾਰਨਾ ਨਾਲ ਤੁਲਨਾਯੋਗ ਨਹੀਂ ਹੈ, ਜੋ ਜ਼ਰੂਰੀ ਤੌਰ 'ਤੇ ਇੱਕ ਜੀਵ-ਵਿਗਿਆਨਕ ਪੁਰਸ਼ ਨੂੰ 'ਪਤੀ' ਵਜੋਂ ਨਾਮਜ਼ਦ ਕਰਦਾ ਹੈ, ਔਰਤ ਨੂੰ 'ਪਤਨੀ' ਵਜੋਂ ਮੰਨਦਾ ਹੈ ਅਤੇ ਦੋਨਾਂ ਦੇ ਮਿਲਾਪ ਤੋਂ ਪੈਦਾ ਹੋਏ ਬੱਚੇ ਦਾ ਪਾਲਣ ਪੋਸ਼ਣ ਜੀਵ-ਵਿਗਿਆਨਕ ਪੁਰਸ਼ ਦੁਆਰਾ ਪਿਤਾ ਦੇ ਰੂਪ ਵਿੱਚ ਅਤੇ ਜੈਵਿਕ ਮਾਦਾ ਦੁਆਰਾ ਮਾਂ ਦੇ ਰੂਪ ਵਿੱਚ ਕੀਤਾ ਜਾਂਦਾ ਹੈ।

ਆਪਣੇ 56 ਪੰਨਿਆਂ ਦੇ ਹਲਫਨਾਮੇ ਵਿੱਚ ਸਰਕਾਰ ਨੇ ਕਿਹਾ ਹੈ ਕਿ ਸੁਪਰੀਮ ਕੋਰਟ ਅਤੇ ਹਾਈ ਕੋਰਟ ਨੇ ਆਪਣੇ ਕਈ ਫੈਸਲਿਆਂ ਵਿੱਚ ਨਿੱਜੀ ਆਜ਼ਾਦੀ ਦੀ ਵਿਆਖਿਆ ਨੂੰ ਸਪੱਸ਼ਟ ਕੀਤਾ ਹੈ। ਇਨ੍ਹਾਂ ਫੈਸਲਿਆਂ ਦੇ ਮੱਦੇਨਜ਼ਰ ਇਹ ਪਟੀਸ਼ਨ ਵੀ ਖਾਰਜ ਕੀਤੀ ਜਾਣੀ ਚਾਹੀਦੀ ਹੈ। ਕਿਉਂਕਿ ਇਸ ਵਿੱਚ ਕੋਈ ਤੱਥ ਸੁਣਨ ਯੋਗ ਨਹੀਂ ਹੈ। ਯੋਗਤਾ ਦੇ ਆਧਾਰ 'ਤੇ ਉਸ ਨੂੰ ਬਰਖਾਸਤ ਕਰਨਾ ਹੀ ਜਾਇਜ਼ ਹੈ। ਇੱਥੋਂ ਤੱਕ ਕਿ ਕਾਨੂੰਨ ਵਿੱਚ ਜ਼ਿਕਰ ਕੀਤੇ ਅਨੁਸਾਰ, ਸਮਲਿੰਗੀ ਵਿਆਹ ਨੂੰ ਮਾਨਤਾ ਨਹੀਂ ਦਿੱਤੀ ਜਾ ਸਕਦੀ। ਕਿਉਂਕਿ ਇਸ ਵਿਚ ਪਤੀ-ਪਤਨੀ ਦੀ ਪਰਿਭਾਸ਼ਾ ਜੈਵਿਕ ਤੌਰ 'ਤੇ ਦਿੱਤੀ ਗਈ ਹੈ। ਇਸ ਅਨੁਸਾਰ ਦੋਵਾਂ ਕੋਲ ਕਾਨੂੰਨੀ ਅਧਿਕਾਰ ਵੀ ਹਨ। ਸਮਲਿੰਗੀ ਵਿਆਹ ਵਿੱਚ ਝਗੜੇ ਦੀ ਸਥਿਤੀ ਵਿੱਚ ਪਤੀ-ਪਤਨੀ ਨੂੰ ਵੱਖਰਾ ਕਿਵੇਂ ਮੰਨਿਆ ਜਾ ਸਕਦਾ ਹੈ? ਹੁਣ ਸੁਪਰੀਮ ਕੋਰਟ ਇਸ ਮਾਮਲੇ 'ਤੇ ਸੋਮਵਾਰ ਨੂੰ ਸੁਣਵਾਈ ਕਰੇਗਾ।

## ਚੀਨ ਨੇ ਯੂਐਸ ਵਲੋਂ ਪਾਬੰਦੀਸ਼ੁਦਾ ਜਨਰਲ ਨੂੰ ਰੱਖਿਆ ਮੰਤਰੀ ਬਣਾਇਆ

ਬੀਜਿੰਗ, 12 ਮਾਰਚ (ਪੋਸਟ ਬਿਊਰੋ): ਚੀਨ ਨੇ ਐਤਵਾਰ ਨੂੰ ਅਮਰੀਕਾ ਦੁਆਰਾ ਪਾਬੰਦੀਸ਼ੁਦਾ ਫੌਜ ਦੇ ਜਨਰਲ ਨੂੰ ਦੇਸ਼ ਦਾ ਨਵਾਂ ਰੱਖਿਆ ਮੰਤਰੀ ਨਿਯੁਕਤ ਕੀਤਾ ਹੈ। ਅਜਿਹਾ ਕਰਕੇ ਚੀਨ ਨੇ ਇਕ ਤਰ੍ਹਾਂ ਨਾਲ ਇਹ ਦਿਖਾਇਆ ਹੈ ਕਿ ਉਹ ਆਪਣੇ ਫੌਜੀ ਕਰਮਚਾਰੀਆਂ 'ਤੇ ਅਮਰੀਕੀ ਪਾਬੰਦੀਆਂ ਵੱਲ ਧਿਆਨ ਨਹੀਂ ਦਿੰਦਾ। ਅਮਰੀਕਾ ਨੇ ਏਰੋਸਪੇਸ ਇੰਜੀਨੀਅਰ ਅਤੇ ਪੀਪਲਜ਼ ਲਿਬਰੇਸ਼ਨ ਜਨਰਲ ਦੇ ਰੂਸ 'ਤੇ ਅਮਰੀਕੀ ਪਾਬੰਦੀਆਂ ਦੀ ਉਲੰਘਣਾ ਕਰਦੇ ਹੋਏ ਚੀਨ ਦੇ ਉਪਕਰਣ ਵਿਕਾਸ ਵਿਭਾਗ (ਈਡੀਡੀ) 'ਤੇ 2018 ਵਿਚ ਰੂਸੀ ਸੁਖੋਈ ਐਸਯੂ-35 ਲੜਾਕੂ ਜਹਾਜ਼ ਅਤੇ ਐਸ-400 ਜ਼ਮੀਨ ਤੋਂ ਹਵਾ ਵਿਚ ਮਾਰ ਕਰਨ ਵਾਲੀਆਂ ਮਿਜ਼ਾਈਲਾਂ ਦੀ ਖਰੀਦ ਦਾ ਦੋਸ਼ ਲਗਾਇਆ ਹੈ। ਫੌਜ (ਪੀਐਲਏ), ਜਨਰਲ ਲੀ ਸ਼ਾਂਗਫੂ 'ਤੇ ਪਾਬੰਦੀ ਲਗਾਈ ਗਈ ਸੀ।

ਅਮਰੀਕਾ ਨੇ ਈਡੀਡੀ ਅਤੇ ਉਸ ਦੇ ਤਤਕਾਲੀ ਡਾਇਰੈਕਟਰ ਜਨਰਲ ਲੀ ਦੋਵਾਂ 'ਤੇ ਪਾਬੰਦੀਆਂ ਲਗਾਈਆਂ ਸਨ। ਐਤਵਾਰ ਨੂੰ, ਚੀਨ ਦੀ ਸੰਸਦ, ਨੈਸ਼ਨਲ ਪੀਪਲਜ਼ ਕਾਂਗਰਸ (ਸੀਪੀਸੀ) ਦੁਆਰਾ ਜਨਰਲ ਲੀ ਨੂੰ ਨਵੇਂ ਰੱਖਿਆ ਮੰਤਰੀ ਵਜੋਂ ਤਾਇਨਾਤ ਕਰਨ ਦੀ ਪੁਸ਼ਟੀ ਕੀਤੀ ਗਈ। ਉਹ ਜਨਰਲ ਵੇਈ ਫੇਂਗੇ ਦੀ ਥਾਂ ਲੈਣਗੇ। ਜਨਰਲ ਲੀ ਨੂੰ ਨਵੇਂ ਕੈਬਨਿਟ ਮੰਤਰੀਆਂ ਦੇ ਨਾਲ ਵੱਖ-ਵੱਖ ਮੰਤਰਾਲਿਆਂ ਵਿਚ ਨਿਯੁਕਤ ਕੀਤਾ ਗਿਆ ਸੀ। ਚੀਨ ਵਿਚ ਹਰ 10 ਸਾਲਾਂ ਬਾਅਦ ਚੀਨੀ ਸਰਕਾਰੀ ਅਧਿਕਾਰੀਆਂ ਦੀ ਬਦਲੀ ਕੀਤੀ ਜਾਂਦੀ ਹੈ। ਸ਼ਨੀਵਾਰ ਨੂੰ ਜਨਰਲ ਲੀ ਨੂੰ ਕੇਂਦਰੀ ਮਿਲਟਰੀ ਕਮਿਸ਼ਨ (ਸੀਐਮਸੀ) ਦਾ ਮੈਂਬਰ ਨਿਯੁਕਤ ਕੀਤਾ ਗਿਆ ਸੀ, ਜੋ ਕਿ ਚੀਨੀ ਫੌਜ ਦੀ ਸਭ ਤੋਂ ਉੱਚੀ ਕਮਾਂਡ ਹੈ ਅਤੇ ਰਾਸ਼ਟਰਪਤੀ ਸ਼ੀ ਜਿਨਪਿੰਗ ਦੀ ਅਗਵਾਈ ਵਿੱਚ ਹੈ।

## ਗੈਰ-ਕਾਨੂੰਨੀ ਢੰਗ ਨਾਲ ਬ੍ਰਿਟੇਨ 'ਚ ਦਾਖਲ ਹੋਣ ਵਾਲੇ ਭਾਰਤੀਆਂ ਦੀ ਗਿਣਤੀ ਵਧੀ

ਲੰਡਨ, 12 ਮਾਰਚ (ਪੋਸਟ ਬਿਊਰੋ): ਬ੍ਰਿਟੇਨ 'ਚ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੋਣ ਵਾਲੇ ਭਾਰਤੀਆਂ ਦੀ ਗਿਣਤੀ 'ਚ ਵਾਧਾ ਹੋਇਆ ਹੈ। ਪਿਛਲੇ ਸਾਲ ਰਿਕਾਰਡ 683 ਭਾਰਤੀ ਪੁਰਸ਼ ਇੰਗਲਿਸ਼ ਚੈਨਲ ਪਾਰ ਕਰਕੇ ਬਰਤਾਨੀਆ ਵਿੱਚ ਦਾਖ਼ਲ ਹੋਏ ਸਨ। ਇਹ ਸਾਰੇ ਲੋਕ ਸਮੁੰਦਰੀ ਤੱਟਾਂ ਤੋਂ ਛੋਟੀਆਂ ਕਿਸ਼ਤੀਆਂ ਰਾਹੀਂ ਬਰਤਾਨੀਆ ਵਿੱਚ ਦਾਖ਼ਲ ਹੋਏ ਹਨ। ਇਸ ਤੋਂ ਇਲਾਵਾ ਦੂਜੇ ਦੇਸ਼ਾਂ ਤੋਂ ਪਰਵਾਸੀਆਂ ਦੇ ਗੈਰ-ਕਾਨੂੰਨੀ ਤਰੀਕੇ ਨਾਲ ਦਾਖਲ ਹੋਣ ਦੇ ਮਾਮਲੇ ਵੀ ਸਾਹਮਣੇ ਆਏ ਹਨ। ਅਜਿਹੇ 'ਚ ਬ੍ਰਿਟੇਨ ਦੀ ਰਿਸ਼ੀ ਸੁਨਕ ਸਰਕਾਰ ਨਵਾਂ ਕਾਨੂੰਨ ਲਿਆ ਰਹੀ ਹੈ, ਜਿਸ ਦੇ ਤਹਿਤ ਗੈਰ-ਕਾਨੂੰਨੀ ਪ੍ਰਵਾਸੀਆਂ ਨੂੰ ਉਨ੍ਹਾਂ ਦੇ ਦੇਸ਼ ਵਾਪਸ ਭੇਜਿਆ ਜਾਵੇਗਾ।

ਹਾਲ ਹੀ ਵਿੱਚ ਰਿਸ਼ੀ ਸੁਨਕ ਸਰਕਾਰ ਦੁਆਰਾ ਇੱਕ ਤਾਜ਼ਾ ਅੰਕੜਾ ਜਾਰੀ ਕੀਤਾ ਗਿਆ ਹੈ। ਯੂਕੇ ਸਰਕਾਰ ਦੇ ਅਨੁਸਾਰ, 2021 ਵਿੱਚ, 67 ਭਾਰਤੀ ਨਾਗਰਿਕ ਛੋਟੀਆਂ ਕਿਸ਼ਤੀਆਂ ਰਾਹੀਂ ਬ੍ਰਿਟੇਨ ਵਿੱਚ ਦਾਖਲ ਹੋਏ। 2020 ਵਿੱਚ, 64 ਲੋਕ ਦਾਖਲ ਹੋਏ। ਜਦੋਂ ਕਿ 2019 ਅਤੇ 2018 ਵਿੱਚ ਕੋਈ ਵੀ ਗੈਰਕਾਨੂੰਨੀ ਢੰਗ ਨਾਲ ਬਰਤਾਨੀਆ ਨਹੀਂ ਆਇਆ ਹੈ। 2022 ਵਿੱਚ, ਯੂਕੇ ਵਿੱਚ 400 ਤੋਂ ਵੱਧ ਭਾਰਤੀ ਨਾਗਰਿਕ ਹਨ ਜੋ ਹਵਾਈ ਯਾਤਰਾ ਕਰਨ ਲਈ ਨਾਕਾਫ਼ੀ ਦਸਤਾਵੇਜ਼ ਹਨ।

ਭਾਰਤ ਤੋਂ ਜ਼ਿਆਦਾਤਰ ਲੋਕ ਛੋਟੀਆਂ ਕਿਸ਼ਤੀਆਂ ਰਾਹੀਂ ਦਾਖਲ ਹੋਏ। 2022 ਵਿੱਚ, 25 ਤੋਂ 40 ਸਾਲ ਦੀ ਉਮਰ ਦੇ ਜ਼ਿਆਦਾਤਰ ਪੁਰਸ਼ਾਂ ਨੇ ਗੈਰ-ਕਾਨੂੰਨੀ ਢੰਗ ਨਾਲ ਦਾਖਲਾ ਲਿਆ। ਅਲਬਾਨੀਆ ਅਤੇ ਅਫਗਾਨਿਸਤਾਨ ਦੇ ਨਾਗਰਿਕ ਵੱਡੀ ਪੱਧਰ 'ਤੇ ਆਏ, ਜਿਸ ਤੋਂ ਬਾਅਦ ਈਰਾਨ, ਇਰਾਕ ਅਤੇ ਸੀਰੀਆ ਦੇ ਲੋਕ ਆਏ। ਹੋਰ ਦੱਖਣੀ ਏਸ਼ੀਆਈ ਦੇਸ਼ਾਂ ਵਿੱਚ ਪਾਕਿਸਤਾਨੀ, ਸ੍ਰੀਲੰਕਾ ਅਤੇ ਬੰਗਲਾਦੇਸ਼ੀ ਸ਼ਾਮਲ ਹਨ। ਮੰਨਿਆ ਜਾਂਦਾ ਹੈ ਕਿ ਤਸਕਰ ਲੋਕਾਂ ਨੂੰ ਛੋਟੀਆਂ ਅਤੇ ਅਕਸਰ ਅਸੁਰੱਖਿਅਤ ਕਿਸ਼ਤੀਆਂ 'ਤੇ ਗੈਰਕਾਨੂੰਨੀ ਢੰਗ ਨਾਲ ਲਿਜਾਣ ਅਤੇ ਹਜ਼ਾਰਾਂ ਪੌਂਡ ਵਸੂਲਣ ਲਈ ਯੂਕੇ ਵਿੱਚ ਸ਼ਰਣ ਦਾ ਦਾਅਵਾ ਕਰ ਰਹੇ ਹਨ। ਅਜਿਹੀਆਂ ਯਾਤਰਾਵਾਂ ਦੇ ਨਤੀਜੇ ਵਜੋਂ ਸਾਲਾਂ ਦੌਰਾਨ ਕਈ ਮੌਤਾਂ ਹੋਈਆਂ ਹਨ ਪਰ ਇਹਨਾਂ ਯਾਤਰਾਵਾਂ ਨੂੰ ਕਰਨ ਵਾਲੇ ਪ੍ਰਵਾਸੀਆਂ ਦੀ ਗਿਣਤੀ ਕਈ ਗੁਣਾ ਵਧਦੀ ਜਾ ਰਹੀ ਹੈ।

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd · Mcvean Dr · Gore Rd · DENTISTRY · Squire Ellis Dr · Countryside Dr

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

Tri-City Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative
416.802.5866
31 Melanie Dr. Unit #4 Brampton, ON L6T 5H8
SOLD $1,399,999 CASTLEMORE/GOREWAY
SOLD $1,749,900 8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866
SOLD $1,950,000 26 Yellow RomeRd

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com




# ਅਮਰੀਕੀ ਸੈਨਟ ਵੱਲੋਂ ਅਰੁਨ ਸੁਬਰਾਮਨੀਅਨ ਦੀ ਡਿਸਟ੍ਰਿਕਟ ਜੱਜ ਵਜੋਂ ਨਿਯੁਕਤੀ ਦੀ ਪੁਸ਼ਟੀ


ਅਰੁਨ ਸੁਬਰਾਮਨੀਅਨ

ਸੈਕਰਾਮੈਂਟੋ (ਕੈਲੀਫੋਰਨੀਆ), 12 ਮਾਰਚ (ਹੁਸਨ ਲੜੋਆ ਬੰਗਾ): ਅਮਰੀਕੀ ਸੈਨਟ ਵੱਲੋਂ ਭਾਰਤੀ-ਅਮਰੀਕੀ ਅਰੁਨ ਸੁਬਰਾਮਨੀਅਨ ਦੀ ਨਿਊਯਾਰਕ ਦੇ ਦੱਖਣੀ ਜਿਲੇ ਦੇ ਡਿਸਟ੍ਰਿਕਟ ਜੱਜ ਵਜੋਂ ਨਿਯੁਕਤੀ ਦੀ ਪੁਸ਼ਟੀ ਕਰ ਦੇਣ ਦੀ ਖ਼ਬਰ ਹੈ। ਉਹ ਪਹਿਲੇ ਦੱਖਣ ਏਸ਼ੀਆਈ ਹੋਣਗੇ ਜੋ ਇਸ ਬੈਂਚ ਉਪਰ ਸੇਵਾ ਨਿਭਾਉਣਗੇ। ਸੈਨਟ ਨੇ 58-37 ਵੋਟਾਂ ਦੇ ਫਰਕ ਨਾਲ ਉਨਾਂ ਦੀ ਡਿਸਟ੍ਰਿਕਟ ਜੱਜ ਵਜੋਂ ਨਿਯੁਕਤੀ ਦੀ ਪੁਸ਼ਟੀ ਕੀਤੀ। ਸੈਨੇਟਰ ਚਾਰਲਸ ਸ਼ੂਮਰ ਨੇ ਇਹ ਐਲਾਨ ਕਰਦਿਆਂ ਕਿਹਾ ਕਿ ਸੁਬਰਾਮਨੀਅਨ ਭਾਰਤੀ ਪ੍ਰਵਾਸੀ ਦਾ ਪੁੱਤਰ ਹੈ ਜਿਸ ਦਾ ਕਰੀਅਰ ਲੋਕਾਂ ਨੂੰ ਸਮਰਪਿਤ ਰਿਹਾ ਹੈ। ਸੁਬਰਾਮਨੀਅਮ ਦਾ ਜਨਮ ਪਿਟ-ਸਰਬਰਗ,ਪੈਨਸਿਲਵਾਨੀਆ ਵਿਚ 1979 ਵਿੱਚ ਹੋਇਆ ਸੀ। ਉਸ ਦੇ ਮਾਂ-ਬਾਪ 1970 ਵਿਆਂ ਦੇ ਸ਼ੁਰੂ ਵਿਚ ਭਾਰਤ ਤੋਂ ਆ ਕੇ ਅਮਰੀਕਾ ਵੱਸ ਗਏ ਸਨ।

# ਸ਼੍ਰੀਲੰਕਾਈ ਨੇਵੀ ਨੇ ਤਾਮਿਲਨਾਡੂ ਦੇ 16 ਮਛੇਰਿਆਂ ਨੂੰ ਗ੍ਰਿਫਤਾਰ ਕੀਤਾ ਹੈ



ਚੇਨਈ, 12 ਮਾਰਚ (ਪੋਸਟ ਬਿਊਰੋ): ਤਾਮਿਲਨਾਡੂ ਦੇ 16 ਮਛੇਰਿਆਂ ਨੂੰ ਐਤਵਾਰ ਨੂੰ ਸ਼੍ਰੀਲੰਕਾਈ ਜਲ ਸੈਨਾ ਨੇ ਪਾਲਕ ਸਟ੍ਰੇਟ ਨੇੜੇ ਗ੍ਰਿਫਤਾਰ ਕਰ ਲਿਆ। ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਗ੍ਰਿਫਤਾਰ ਮਛੇਰਿਆਂ ਨੂੰ ਸ਼੍ਰੀਲੰਕਾ ਦੀ ਜਲ ਸੈਨਾ ਦੇ ਜਵਾਨ ਚੁੱਕ ਕੇ ਲੈ ਗਏ ਸਨ ਤਾਂ ਜੋ ਉਨ੍ਹਾਂ ਨੂੰ ਉਨ੍ਹਾਂ ਦੇ ਦੇਸ਼ ਦੇ ਅਧਿਕਾਰੀਆਂ ਦੇ ਹਵਾਲੇ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਮਛੇਰਿਆਂ ਦੀਆਂ ਦੋ ਕਿਸ਼ਤੀਆਂ ਵੀ ਜ਼ਬਤ ਕੀਤੀਆਂ ਗਈਆਂ ਹਨ।

ਪੀਐਮਕੇ ਦੇ ਸੰਸਥਾਪਕ ਨੇਤਾ ਐਸ ਰਾਮਦਾਸ ਨੇ ਆਪਣੇ ਟਵਿੱਟਰ ਅਕਾਊਂਟ 'ਤੇ ਮਛੇਰਿਆਂ ਦੀ ਗ੍ਰਿਫਤਾਰੀ ਦੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸ੍ਰੀਲੰਕਾ ਵਿੱਚ ਤਾਮਿਲਨਾਡੂ ਦੇ ਮਛੇਰਿਆਂ ਦੀਆਂ ਕਿਸ਼ਤੀਆਂ ਨੂੰ ਲਗਾਤਾਰ ਗ੍ਰਿਫ਼ਤਾਰ ਕਰਨ ਅਤੇ ਜ਼ਬਤ ਕੀਤੇ ਜਾਣ ਨਾਲ ਜਾਨ-ਮਾਲ ਦਾ ਨੁਕਸਾਨ ਹੁੰਦਾ ਹੈ। ਉਨ੍ਹਾਂ ਕਿਹਾ, "ਜੇਕਰ ਇਕ ਕਿਸ਼ਤੀ ਵੀ ਜ਼ਬਤ ਕੀਤੀ ਜਾਂਦੀ ਹੈ ਤਾਂ ਘੱਟੋ-ਘੱਟ 20 ਪਰਿਵਾਰ ਭਾਵ ਅਜਿਹੇ ਪਰਿਵਾਰਾਂ ਦੇ ਕਰੀਬ 100 ਮੈਂਬਰ ਪ੍ਰਭਾਵਿਤ ਹੁੰਦੇ ਹਨ।

ਰਾਮਦਾਸ ਨੇ ਕੇਂਦਰ ਸਰਕਾਰ ਨੂੰ ਦਹਾਕਿਆਂ ਪੁਰਾਣੇ ਇਸ ਮੁੱਦੇ ਦਾ ਸਥਾਈ ਹੱਲ ਕੱਢਣ ਦੀ ਅਪੀਲ ਕੀਤੀ। ਉਨ੍ਹਾਂ ਸੂਬਾ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਮਛੇਰਿਆਂ ਅਤੇ ਉਨ੍ਹਾਂ ਦੀਆਂ ਜ਼ਬਤ ਕੀਤੀਆਂ ਕਿਸ਼ਤੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ।

# ਅਮਰੀਕਾ ਵਿਚ ਦੋ ਛੋਟੇ ਜਹਾਜ਼ ਆਪਸ ਵਿਚ ਟਕਰਾਏ, 4 ਮੌਤਾਂ


ਹਾਦਸੇ ਤੋਂ ਬਾਅਦ ਪਾਣੀ ਉਪਰ ਨਜਰ ਆ ਰਿਹਾ ਇਕ ਜਹਾਜ਼ ਦਾ ਮਲਬਾ

ਸੈਕਰਾਮੈਂਟੋ, 12 ਮਾਰਚ (ਹੁਸਨ ਲੜੋਆ ਬੰਗਾ)- ਅਮਰੀਕਾ ਵਿਚ ਦੋ ਛੋਟੇ ਜਹਾਜ਼ਾਂ ਦੇ ਮੱਧ ਅਸਮਾਨ ਵਿਚ ਆਪਸ ਵਿਚ ਟਕਰਾਅ ਜਾਣ ਦੇ ਸਿੱਟੇ ਵਜੋਂ ਉਨਾਂ ਵਿਚ ਸਵਾਰ ਸਾਰੇ 4 ਵਿਅਕਤੀਆਂ ਦੀ ਮੌਤ ਹੋ ਗਈ। ਇਹ ਜਾਣਕਾਰੀ ਪੋਲਕ ਕਾਊਂਟੀ ਸ਼ੈਰਿਫ ਦਫਤਰ ਨੇ ਜਾਰੀ ਕੀਤੀ ਹੈ। ਇਹ ਹਾਦਸਾ ਓਰਲੈਂਡੋ ਦੇ ਦੱਖਣ ਪੱਛਮ ਵਿਚ ਤਕਰੀਬਨ 45 ਮੀਲ ਦੂਰ ਵਿੰਟਰ ਹੈਵਨ ਵਿਚ ਲੇਕ ਹਾਰਟਰਿਜ਼ ਉਪਰ ਵਾਪਰਿਆ। ਅਧਿਕਾਰੀਆਂ ਅਨੁਸਾਰ ਪਾਈਪਰ ਜੇ-3 ਕੱਬ ਸੀਪਲੇਨ ਜਿਸ ਨੂੰ ਜੈਕ ਬਰਾਊਨਜ਼ ਸੀਪਲੇਨ ਬੇਸ ਵੱਲੋਂ ਚਲਾਇਆ ਜਾਂਦਾ ਹੈ ਤੇ ਸਥਾਈ ਖੰਭਾਂ ਵਾਲਾ ਜਹਾਜ਼ ਚੇਰੋਕੀ ਪਾਈਪਰ 161ਜਿਸ ਨੂੰ ਪੋਲਕ ਸਟੇਟ ਕਾਲਜ ਦੀ ਤਰਫੋਂ ਓਰਮੋਂਡ ਬੀਚ ਉਪਰ ਸਨਰਾਈਜ ਐਵੀਏਸ਼ਨ ਵੱਲੋਂ ਚਲਾਇਆ ਜਾਂਦਾ ਹੈ, ਹਾਦਸੇ ਵਿਚ ਸ਼ਾਮਿਲ ਸਨ। ਸ਼ੈਰਿਫ ਦਫਤਰ ਅਨੁਸਾਰ ਮ੍ਰਿਤਕਾਂ ਵਿਚ ਪਾਇਲਟ ਤੇ ਇੰਸਟਰਕਟਰ ਫੇਦ ਈਰੇਨ ਬੇਕਰ (24) ,ਪੋਲਕ ਸਟੇਟ ਕਾਲਜ ਦਾ ਵਿਦਿਆਰਥੀ ਜ਼ੈਚਰੀ ਜੀਨ ਮੇਸ (19) , ਰੈਂਡਲ ਐਲਬਰਟ ਕਰਾਫੋਰਡ (67) ਤੇ ਲੂਇਸ ਸੀ ਡੀਫਾਜ਼ੀਓ (78) ਸ਼ਾਮਿਲ ਹਨ। ਸ਼ੈਰਿਫ ਦਫਤਰ ਦੇ ਚੀਫ਼ ਆਫ ਸਟਾਫ਼ ਸਟੀਵ ਲੈਸਟਰ ਨੇ ਕਿਹਾ ਹੈ ਕਿ ਇਕ ਜਹਾਜ਼ ਦਾ ਮਲਬਾ ਲੇਕ ਹਾਰਟਰਿਜ਼ ਵਿਚੋਂ ਪਾਣੀ ਦੀ ਸਤਾ ਉਪਰ ਹੀ ਮਿਲਿਆ ਹੈ ਜਦ ਕਿ ਦੂਸਰਾ ਜਹਾਜ਼ ਪਾਣੀ ਵਿਚ ਪੂਰੀ ਤਰਾਂ ਡੁੱਬ ਚੁੱਕਾ ਸੀ। ਉਸ ਦਾ ਮਲਬਾ ਪਾਣੀ ਦੇ 21 ਫੁੱਟ ਹੇਠਾਂ ਮਿਲਿਆ ਹੈ। ਪੋਲਕ ਕਾਊਂਟੀ ਸ਼ੈਰਿਫ ਗਰੈਡੀ ਜੂਡ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ। ਹਾਦਸੇ ਦੀ ਸੰਘੀ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਜਾਵੇਗੀ।

